ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 28 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੪ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ਼ਹੀਦੀ ਹ.ਫਤਾ (੧੪ ਪੋਹ)


ਸਿੱਖ ਧਰਮ ਵਿੱਚ 21 ਦਸੰਬਰ ਤੋਂ ਲੈ ਕੇ ਅਗਲਾ ਇੱਕ ਹਫ਼ਤਾ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ ’ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰਾ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਰੋਜ਼ਾਨਾ ਦੱਸ ਰਹੇ ਹਾਂ।



ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ ’ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ ’ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ ’ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ
AWAZE QAUM
International Newspaper & WEB TV

## ਇੰਟਰਨੈਸ਼ਨਲ ਪੰਥਕ ਦਲ ਦੇ ਆਲ ਇੰਡੀਆ ਕਨਵੀਨਰ ਜਥੇਦਾਰ ਦਲੀਪ ਸਿੰਘ ਚਕਰ ਦੇ ਵੱਡੇ ਭਰਾਤਾ ਭਾਈ ਮੇਜਰ ਸਿੰਘ ਨਹੀਂ ਰਹੇ



**ਜਗਰਾਉਂ, 27 ਦਸੰਬਰ (ਵਰਿਆਮ ਹਠੂਰ)**-ਇੰਟਰਨੈਸ਼ਨਲ ਪੰਥਕ ਦਲ ਦੇ ਆਲ ਇੰਡੀਆ ਕਨਵੀਨਰ ਜਥੇਦਾਰ ਦਲੀਪ ਸਿੰਘ ਜੀ ਚਕਰ ਦੇ ਸਤਿਕਾਰਯੋਗ ਵੱਡੇ ਭਰਾਤਾ ਭਾਈ ਮੇਜਰ ਸਿੰਘ ਜੀ ਚਕਰ (84) ਜੋ ਪ੍ਰਮਾਤਮਾ ਵੱਲੋਂ ਬਖਸ਼ੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਹਨ। ਉਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਚਕਰ ਦੇ ਸ਼ਮਸ਼ਾਨ ਘਾਟ ਵਿੱਚ ਵੱਡੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਦੀ ਹਾਜ਼ਰੀ ਵਿੱਚ ਕਰ ਦਿੱਤਾ ਗਿਆ, ਇਸ ਦੁੱਖ ਦੀ ਘੜੀ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ਼੍ਰੀ ਆਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ, ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਜੀ ਚਕਰ, ਭਾਈ ਜਗਤਾਰ ਸਿੰਘ ਜੀ ਰੋਡੇ (ਮੈਂਬਰ ਐੱਸ ਜੀ ਪੀ ਸੀ), ਇੰਟਰਨੈਸ਼ਨਲ ਪੰਥਕ ਦਲ ਦੇ ਸਲਾਹਕਾਰ ਬਾਬਾ ਸੱਜਣ ਸਿੰਘ, ਸੰਤ ਚਰਨਜੀਤ ਸਿੰਘ ਜੱਸੋਵਾਲ, ਜਥੇਦਾਰ ਬਾਬਾ ਸਵਰਨਜੀਤ ਸਿੰਘ (ਤਰਨਾ ਦਲ) ਇੰਟਰਨੈਸ਼ਨਲ ਪੰਥਕ ਦਲ ਦੇ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ, ਭਾਈ ਕ੍ਰਿਪਾ ਸਿੰਘ ਨੱਥੂਵਾਲਾ (ਕਿਸਾਨ ਬਚਾਓ ਮੋਰਚਾ) ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ (ਐਕਟਿੰਗ ਪ੍ਰਧਾਨ ਪੰਜਾਬ), ਭਾਈ ਜਗਸੀਰ ਸਿੰਘ ਜੀ ਰੋਡੇ ਮੀਤ ਪ੍ਰਧਾਨ, ਭਾਈ ਜੋਗਿੰਦਰ ਸਿੰਘ ਸ਼ਾਮ ਸਿੰਘ ਵਾਲਾ, ਗਿਆਨੀ ਰਾਜਪਾਲ ਸਿੰਘ ਬੋਪਾਰਾਏ, ਭਾਈ ਦਰਸ਼ਨ ਸਿੰਘ ਮਨਿਆਲਾ (ਆਸਟ੍ਰੇਲੀਆ), ਨਛੱਤਰ ਸਿੰਘ ਠੀਕਰੀਵਾਲਾ ਅਸਟ੍ਰੇਲੀਆ, ਡਾਕਟਰ ਅਮਨ ਐੱਸ ਐੱਮ ਓ ਹਠੂਰ, ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸ਼ਹਿਰੀਨ ਕੌਰ ਖਾਲਸਾ ਰਸੂਲਪੁਰ, ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ, ਰਣਧੀਰ ਸਿੰਘ ਕਿਲ੍ਹਾ ਹਕੀਮਾਂ, ਭਾਈ ਗੁਰਪ੍ਰੀਤ ਸਿੰਘ ਬਰਨਾਲਾ, ਬਾਬਾ ਪ੍ਰਮਿੰਦਰ ਸਿੰਘ ਭਾਈ ਰੂਪਾ, ਜ਼ਿਲ੍ਹਾ ਪ੍ਰਧਾਨ ਭਾਈ ਹਰਕ੍ਰਿਸ਼ਨ ਸਿੰਘ ਕੋਠੇ ਜੀਵਾਂ, ਭਾਈ ਕੁਲਦੀਪ ਸਿੰਘ ਡੱਲਾ, ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ, ਬੂਟਾ ਸਿੰਘ ਮਲਕ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ, ਜਰਨੈਲ ਸਿੰਘ ਰਾਏ ਜਗਰਾਉਂ, ਰਵਿੰਦਰ ਸਿੰਘ ਕਾਕਾ ਚਕਰ, ਭਾਈ ਗੁਰਸੇਵਕ ਸਿੰਘ ਛੱਜਾਵਾਲ, ਭਾਈ ਅੰਮ੍ਰਿਤਪਾਲ ਸਿੰਘ ਛੱਜਾਵਾਲ, ਸਰਪੰਚ ਸੋਹਣ ਸਿੰਘ ਚਕਰ, ਬਲਾਕ ਸੰਮਤੀ ਮੈਂਬਰ ਨੰਬਰਦਾਰ ਚਮਕੌਰ ਸਿੰਘ, ਨੰਬਰਦਾਰ ਦਰਸ਼ਨ ਸਿੰਘ ਚਕਰ, ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਅਤੇ ਦਸਵੀਂ ਦੇ ਹੈੱਡ ਗ੍ਰੰਥੀ ਗਿਆਨੀ ਮਨਦੀਪ ਸਿੰਘ, ਪਰਮਜੀਤ ਸਿੰਘ ਪੰਮਾ ਬਰਨਾਲਾ, ਸਮੇਤ ਵੱਖ ਵੱਖ ਧਾਰਮਿਕ, ਸਮਾਜਿਕ, ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਇੰਟਰਨੈਸ਼ਨਲ ਪੰਥਕ ਦਲ ਦੇ ਆਲ ਇੰਡੀਆ ਕਨਵੀਨਰ ਜਥੇਦਾਰ ਦਲੀਪ ਸਿੰਘ ਜੀ ਚਕਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ, ਗੱਲਬਾਤ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਜੀ ਚਕਰ ਨੇ ਕਿਹਾ ਕਿ ਜੋ ਵੀ ਇਨਸਾਨ ਇਸ ਦੁਨੀਆਂ ਤੇ ਆਇਆ ਹੈ। ਉਸ ਨੇ ਆਪੋ ਆਪਣੀ ਵਾਰੀ ਅਨੁਸਾਰ ਇੱਕ ਨਾਂ ਇੱਕ ਦਿਨ ਪ੍ਰਮਾਤਮਾ ਵੱਲੋਂ ਬਖਸ਼ੇ ਸੁਆਸਾਂ ਰੂਪੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਹਮੇਸ਼ਾ ਲਈ ਇਸ ਦੁਨੀਆਂ ਨੂੰ ਅਲਵਿਦਾ ਆਖ ਜਾਣਾ ਹੈ। ਪ੍ਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

**ਇਸ ਦੌਰਾਨ ਭਾਈ ਰਘਵੀਰ ਸਿੰਘ ਵਾਲਸਾਲ ਐਡੀਟਰ-ਇਨ-ਚੀਫ ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ ਤੇ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. ਨੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਾਹਿਗੁਰੂ ਜੀ ਅੱਗੇ ਅਰਦਾਸ ਕੀਤੀ ਕਿ ਪ੍ਰਮਾਤਮਾ ਵਿਛੜੀ ਆਤਮਾ ਨੂੰ ਆਪਣੇ ਪਵਿੱਤਰ ਚਰਨਾਂ ’ਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।**

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿਰੁੱਧ ਟਿੱਪਣੀ ਨੂੰ ਲੈ ਕੇ ਭੜਕਿਆ ਸਿੱਖ ਭਾਈਚਾਰਾ

**ਮਲੇਰਕੋਟਲਾ, 27 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਮਲੇਰਕੋਟਲਾ ਦੇ ਅਹਿਮਦਗੜ੍ਹ ਵਿੱਚ ਮਾਹੌਲ ਉਸ ਸਮੇਂ ਤਣਾਅਪੂਰਨ ਹੋ ਗਿਆ ਜਦੋਂ ਗੁਰੂ ਗੋਬਿੰਦ ਸਿੰਘ ਜੀ ਵਿਰੁੱਧ ਇੱਕ ਅਪਮਾਨਜਨਕ ਟਿੱਪਣੀ ਸੋਸ਼ਲ ਮੀਡੀਆ ’ਤੇ ਸਾਹਮਣੇ ਆਈ। ਇਹ ਟਿੱਪਣੀ ਮਲੇਰਕੋਟਲਾ ਦੇ ਰਹਿਣ ਵਾਲੇ ਸੁਰੇਸ਼ ਰਿਸ਼ੀ ਜਿੰਦਲ ਦੁਆਰਾ ਫੇਸਬੁੱਕ ’ਤੇ ਪੋਸਟ ਕੀਤੀ ਗਈ ਸੀ, ਜਿਸ ਨਾਲ ਸਿੱਖ ਸੰਗਤ ਅਤੇ ਧਾਰਮਿਕ ਸੰਗਠਨਾਂ ਵਿੱਚ ਰੋਸ ਫੈਲ ਗਿਆ ਹੈ। ਜਿਵੇਂ ਹੀ ਇਹ ਘਟਨਾ ਸਾਹਮਣੇ ਆਈ, ਸਥਾਨਕ ਵਿਰੋਧ ਪ੍ਰਦਰਸ਼ਨ ਸ਼ੁਰੂ ਹੋ ਗਏ, ਸਿੱਖ ਭਾਈਚਾਰੇ ਨੇ ਇਸਨੂੰ ਆਪਣੀਆਂ ਧਾਰਮਿਕ ਭਾਵਨਾਵਾਂ ਦਾ ਅਪਮਾਨ ਕਿਹਾ। ਸਥਿਤੀ ਦੀ ਗੰਭੀਰਤਾ ਨੂੰ ਦੇਖਦਿਆਂ ਹੋਇਆਂ ਨਿਹੰਗ ਸਿੰਘਾਂ ਦਾ ਇੱਕ ਸਮੂਹ ਵੀ ਮਲੇਰਕੋਟਲਾ ਪਹੁੰਚਿਆ। ਨੀਲੇ ਬਾਣੇ ਵਿੱਚ ਸੱਜੇ ਨਿਹੰਗ ਸਿੰਘਾਂ

ਆਵਾਜ਼ਿ ਕੌਮ
AWAZE QAUM
International Newspaper & WEB TV



ਦੀ ਮੌਜੂਦਗੀ ਨੇ ਤਣਾਅ ਵਧਾ ਦਿੱਤਾ। ਸੁਰੇਸ਼ ਰਿਸ਼ੀ ਜਿੰਦਲ ਤੋਂ ਗੁਰੂ ਗੋਬਿੰਦ ਸਿੰਘ ਜੀ ਵਿਰੁੱਧ ਉਨ੍ਹਾਂ ਦੀ ਅਪਮਾਨਜਨਕ ਟਿੱਪਣੀ ਨੂੰ ਲੈਕੇ ਸਖ਼ਤੀ ਨਾਲ ਪੁੱਛਗਿੱਛ ਕੀਤੀ ਗਈ। ਚਸ਼ਮਦੀਦਾਂ ਅਨੁਸਾਰ, ਇਸ ਦੌਰਾਨ ਦਮਦਮੀ ਟਕਸਾਲ ਦੇ ਗਿਆਨੀ ਤੇਜਬੀਰ ਸਿੰਘ ਖਾਲਸਾ ਨੇ ਆਪਣੀ ਨਾਰਾਜ਼ਗੀ ਜ਼ਾਹਰ ਕਰਦਿਆਂ ਹੋਇਆਂ ਸੁਰੇਸ਼ ਰਿਸ਼ੀ ਜਿੰਦਲ ਨੂੰ ਤਿੰਨ ਤੋਂ ਚਾਰ ਥੱਪੜ ਮਾਰੇ ਅਤੇ ਉਨ੍ਹਾਂ ਤੋਂ ਮੌਕੇ ’ਤੇ ਹੀ ਮੁਆਫ਼ੀ ਮੰਗਣ ਦੀ ਮੰਗ ਕੀਤੀ। ਸੁਰੇਸ਼ ਰਿਸ਼ੀ ਜਿੰਦਲ ਨੇ ਫਿਰ ਆਪਣੀ ਗਲਤੀ ਮੰਨ ਲਈ ਅਤੇ ਜ਼ੁਬਾਨੀ ਮੁਆਫ਼ੀ ਮੰਗੀ। ਘਟਨਾ ਤੋਂ ਬਾਅਦ, ਤੇਜਬੀਰ ਸਿੰਘ ਖਾਲਸਾ ਨੇ ਸਥਿਤੀ ਨੂੰ ਸੰਭਾਲਿਆ ਅਤੇ ਸੰਗਤ ਅਤੇ ਨਿਹੰਗ ਸਿੰਘਾਂ ਨੂੰ ਸੰਜਮ ਬਣਾਈ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਸ਼ਾਂਤੀ ਅਤੇ ਮਾਣ ਦਾ ਰਸਤਾ ਦਿਖਾਉਂਦੀਆਂ ਹਨ, ਪਰ ਗੁਰੂ ਸਾਹਿਬ ਦੇ ਸਨਮਾਨ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ। ਇਸ ਤੋਂ ਬਾਅਦ, ਗਿਆਨੀ ਤੇਜਬੀਰ ਸਿੰਘ ਖਾਲਸਾ ਦੀ ਹਾਜ਼ਰੀ ਵਿੱਚ ਸੁਰੇਸ਼ ਰਿਸ਼ੀ ਜਿੰਦਲ ਤੋਂ ਲਿਖਤੀ ਮੁਆਫ਼ੀ ਮੰਗੀ ਗਈ। ਲਿਖਤੀ ਮੁਆਫ਼ੀ ਵਿੱਚ, ਸੁਰੇਸ਼ ਰਿਸ਼ੀ ਜਿੰਦਲ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀਆਂ ਟਿੱਪਣੀਆਂ ਅਣਜਾਣੇ ਵਿੱਚ ਸਨ ਅਤੇ ਉਨ੍ਹਾਂ ਦਾ ਉਦੇਸ਼ ਕਿਸੇ ਵੀ ਧਰਮ, ਗੁਰੂ ਸਾਹਿਬ ਜਾਂ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ ਨਹੀਂ ਸੀ।

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫ਼ਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ। - ਸਿਮਰਨਜੀਤ ਸਿੰਘ

## 6 ਪੋਹ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••

## 7 ਪੋਹ



**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

## 8 ਪੋਹ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

## 9 ਪੋਹ



**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••

## 10 ਪੋਹ




**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••

## 11-12 ਪੋਹ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

## 13 ਪੋਹ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••


## 14 ਪੋਹ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ | ਕਿਰਤ ਕਰੋ | ਵੰਡ ਛਕੋ
Naam Japo | Kirat Karo | Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦਮਦਮੀ ਟਕਸਾਲ
# ਸੰਤ ਗਿਆਨੀ ਗੁਰਬਚਨ ਸਿੰਘ ਜੀ
# ਖ਼ਾਲਸਾ ਮੈਮੋਰੀਅਲ ਹਸਪਤਾਲ
## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।




+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






**SANJHA PUNJAB**

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

**SANJHA PUNJAB**

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

**ALLERGY ADVICE !!**

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008
**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'




## ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

**ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ**

**ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)**

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਜੋੜ ਮੇਲਾ ਫ਼ਤਹਿਗੜ੍ਹ ਸਾਹਿਬ ਜੀ ਅਤੇ ਚਮਕੌਰ ਸਾਹਿਬ ਜੀ ☛ ਅਵਤਾਰ ਪੁਰਬ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ। ☛ ਸਲਾਨਾ ਬਰਸੀ ਦਮਦਮੀ ਟਕਸਾਲ ਦੇ ਪੰਦਰਵੇਂ ਮੁੱਖੀ ਸ੍ਰੀ ਮਾਨ ਸੰਤ ਬਾਬਾ ਠਾਕੁਰ ਸਿੰਘ ਸਾਹਿਬ ਜੀ ਭਿੰਡਰਾਵਾਲੇ। ☛ ਮਾਤਾ ਗੂਜ਼ਰ ਕੋਰ ਜੀ ਚਾਰ ਸਾਹਿਬਜ਼ਾਦਿਆਂ ਅਤੇ ਨਾਲ ਸਮੂਹ ਸਿੰਘਾਂ ਸ਼ਹੀਦੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ ।

ਸ਼ਹੀਦੀਆਂ ਨੂੰ ਸਮਰਪਿਤ 2 ਅਖੰਡ ਪਾਠਾਂ ਦੀ ਸੇਵਾ 2 ਨਗਰ ਪਿੰਡ ਕਾਜ਼ਲਬੋਤਾਨੋ ਪਿੰਡ ਸੋਰੇਜੀਨਾ ਵੱਲੋਂ ਲਈ ਗਈ ਹੈ।

ਸ਼੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ ਸ਼ਨਿੱਚਰਵਾਰ 27 ਦਸੰਬਰ 10 ਵਜੇ ਭੈਣਗੇ ਉਪਰੰਤ ਸਾਢੇ 12 ਵਜੇ ਤੱਕ ਦੀਵਾਨ ਸੱਜਣਗੇ • ਸ਼ਨਿੱਚਰਵਾਰ 27 ਦਸੰਬਰ ਸ਼ਾਮ 5 ਤੋਂ 8 :30 ਵਜੇ ਤੱਕ ਦੀਵਾਨ ਸੱਜਣਗੇ

ਦੂਸਰੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਐਤਵਾਰ 28 ਦਸੰਬਰ 11 ਵਜੇ ਭੋਗ ਪਾਏ ਜਾਣਗੇ। • ਐਤਵਾਰ 28 ਦਸੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12 :40 ਮਿੰਟ ਤੱਕ ਦੀਵਾਨ ਸੱਜਣਗੇ।

☛ ਕਥਾ ਵਾਚਕ ਗਿਆਨੀ ਰੂਪ ਸਿੰਘ ਜੀ ਦਮਦਮੀ ਟਕਸਾਲ ਵਾਲੇ। ☛ ਕਵੀਸ਼ਰੀ ਜਥਾ ਭਾਈ ਸੈਫ਼ ਸਿੰਘ ਜੀ ਬੈਰਗਾਮੋ ☛ ਕੀਰਤਨੀ ਜਥਾ ਭਾਈ ਹਰਜ਼ਸਨ ਸਿੰਘ ਜੀ ਕਰਮੋਨਾ ਵਾਲੇ । ☛ ਰਾਗੀ ਬੀਬੀ ਮਨਕਰਨ ਕੋਰ ਇਟਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼ਰਧਾ ਨਾਲ

# ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਮਨਾਇਆ



ਤਲਵੰਡੀ ਸਾਬੋ, 27 ਦਸੰਬਰ (ਗੁਰਜੰਟ ਸਿੰਘ ਨਥੇਹਾ)– ਸਮੁੱਚੇ ਸਿੱਖ ਜਗਤ ਵਾਂਗ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਗੁਜ਼ਰ ਕੌਰ ਜੀ ਅਤੇ ਚਾਰੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਕਰਵਾਏ ਗੁਰਮਤਿ ਸਮਾਗਮ ’ਚ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀਆਂ ਭਰੀਆਂ।ਸਭ ਤੋਂ ਪਹਿਲਾਂ ਤਖਤ ਸਾਹਿਬ ਦੇ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ/ਮਾਤਾ ਸੁੰਦਰ ਕੌਰ ਜੀ ਵਿਖੇ ਬੀਤੇ ਤਿੰਨ ਦਿਨਾਂ ਤੋਂ ਪ੍ਰਕਾਸ਼ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਅਰਦਾਸ ਕੀਤੀ ਜਦੋਂਕਿ ਤਖਤ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ।ਹੁਕਮਨਾਮਾ ਲੈਣ ਦੇ ਨਾਲ ਹੀ ਤਖਤ ਸਾਹਿਬ ਦੇ ਮੁੱਖ ਕਥਾਵਾਚਕ ਭਾਈ ਜਗਤਾਰ ਸਿੰਘ ਕੀਰਤਪੁਰੀ ਨੇ ਸੰਗਤਾਂ ਨੂੰ ਮਾਤਾ ਗੁਜ਼ਰ ਕੌਰ ਦੀ ਸ਼ਹੀਦੀ ਦੇ ਨਾਲ ਨਾਲ ਚਾਰੇ ਸਾਹਿਬਜ਼ਾਦਿਆਂ ’ਚੋਂ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਵੱਲੋਂ ਚਮਕੌਰ ਦੀ ਗੜ੍ਹੀ ’ਚ ਦੁਸ਼ਮਨਾਂ ਨਾਲ ਲੜਦਿਆਂ ਸ਼ਹਾਦਤ ਹਾਸਿਲ ਕਰਨ ਅਤੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਹਿ ਸਿੰਘ ਨੂੰ ਸਰਹਿੰਦ ਵਿਖੇ ਦੀਵਾਰ ’ਚ ਚੁਣਵਾ ਕੇ ਸ਼ਹੀਦ ਕਰ ਦਿੱਤੇ ਜਾਣ ਦੇ ਸਮੁੱਚੇ ਇਤਿਹਾਸਿਕ ਵਿਰਤਾਂਤ ਬਾਰੇ ਵਿਸਥਾਰਪੂਰਬਕ ਦੱਸਿਆ ਤੇ ਪੋਹ ਮਹੀਨੇ ਦੇ ਸਮੂਹ ਸ਼ਹੀਦਾਂ ਦੇ ਜੀਵਨ ਤੋਂ ਸੇਧ ਲੈਣ ਲਈ ਪ੍ਰੇਰਿਤ ਕੀਤਾ। ਗੁਰਮਤਿ ਸਮਾਗਮ ’ਚ ਵਧੀਕ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ, ਤਖਤ ਸਾਹਿਬ ਦੇ ਮੀਤ ਮੈਨੇਜ਼ਰ ਭਾਈ ਗੁਰਸੇਵਕ ਸਿੰਘ ਕਿੰਗਰਾ, ਮਨਦੀਪ ਸਿੰਘ ਮਾਖਾ ਤੇ ਗੁਰਚਰਨ ਸਿੰਘ ਜੀਦਾ, ਕਥਾਵਾਚਕ ਗਿਆਨੀ ਆਲਮ ਸਿੰਘ, ਬਾਬਾ ਸੁਰਜੀਤ ਸਿੰਘ ਗੱਤਕੇ ਵਾਲੇ, ਬਸਪਾ ਦੇ ਸੂਬਾ ਸਕੱਤਰ ਜਗਦੀਪ ਸਿੰਘ ਗੋਗੀ, ਅਕਾਲੀ ਆਗੂ ਹਰਮੋਹਿੰਦਰ ਸਿੰਘ ਤੇ ਠਾਣਾ ਸਿੰਘ ਚੱਠਾ, ਖਾਲਸਾ ਸਕੂਲ ਮੈਨੇਜਮੈਂਟ ਕਮੇਟੀ ਦੇ ਸਕੱਤਰ ਰਣਜੀਤ ਸਿੰਘ ਮਲਕਾਣਾ ਤੋਂ ਇਲਾਵਾ ਸ਼ਹੀਦ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਦੇ ਨੁਮਾਇੰਦਿਆਂ ਨੇ ਹਾਜ਼ਰੀ ਭਰੀ।

## ਪਠਲਾਵਾ ਸੰਸਥਾ ਵਲੋਂ ਵੱਖ-ਵੱਖ ਪਿੰਡਾਂ ਵਿਚ

# ਨਵ-ਜਨਮੀਆਂ ਬਾਲੜੀਆਂ ਦੀ ਲੋਹੜੀ ਵੰਡਣ ਸਬੰਧੀ ਸ਼ਡਿਊਲ ਕੀਤਾ ਜਾਰੀ



ਭਾਵੇਂ ਅੱਜ ਦੀਆਂ ਬੇਟੀਆਂ ਆਪਣੇ ਬਲਬੂਤੇ ਤੇ ਤਰੱਕੀ ਦੀਆਂ ਮੰਜ਼ਿਲਾਂ ਸਰ ਕਰਦੀਆਂ ਹੋਈਆਂ ਹਰ ਖੇਤਰ ਵਿਚ ਮੋਹਰੀ ਤੇ ਵਿਲੱਖਣ ਭੂਮਿਕਾ ਨਿਭਾ ਕੇ ਸਫ਼ਲਤਾ ਦੇ ਝੰਡੇ ਗੱਡ ਰਹੀਆਂ ਹਨ , ਫਿਰ ਵੀ ਸਾਡੇ ਸਮਾਜ ਦੀ ਮਾਨਸਿਕਤਾ ਬੇਟੀਆਂ ਪ੍ਰਤੀ ਉਸਾਰੂ ਨਹੀਂ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਵਲੋਂ ਜਨਵਰੀ 2026 ਵਿਚ ਵੱਖ ਵੱਖ ਪਿੰਡਾਂ ਵਿਚ ਨਵਜੰਮੀਆਂ ਬੇਟੀਆਂ ਦੀ ਲੋਹੜੀ ਪਾਉਣ ਹਿਤ ਜਾਰੀ ਕੀਤੇ ਜਾ ਰਹੇ ਅਜੰਡੇ ਦੇ ਅਵਸਰ ਤੇ ਬੋਲਦਿਆਂ ਆਖੇ। ਇਸ ਮੌਕੇ ਤੇ ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ, ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ ਅਤੇ ਸੰਦੀਪ ਕੁਮਾਰ ਗੌੜ ਨੇ ਇਕ ਸੁਰ ਵਿਚ ਆਖਿਆ ਕਿ ਸੰਸਥਾ ਵਲੋਂ ਪਿਛਲੇ ਪੰਦਰਾਂ ਸਾਲਾਂ ਤੋਂ ਬੇਟੀਆਂ ਪ੍ਰਤੀ ਸਮਾਜ ਦੀ ਸੌੜੀ ਮਾਨਸਿਕਤਾ ਨੂੰ ਹਲੂਣਾ ਦੇਣ ਤਹਿਤ ਨਵਜੰਮੀਆਂ ਬਾਲੜੀਆਂ ਦੀ ਲੋਹੜੀ ਪਾਈ ਜਾਂਦੀ ਹੈ। ਜਾਰੀ ਕੀਤੇ ਅਜੰਡੇ ਤਹਿਤ 6 ਜਨਵਰੀ ਦਿਨ ਮੰਗਲਵਾਰ ਨੂੰ ਸੂਰਾਪੁਰ ਅਤੇ ਐਮਾਂ ਜਟਾਂ ਵਿਚ, 8 ਜਨਵਰੀ ਦਿਨ ਵੀਰਵਾਰ ਨੂੰ ਲਧਾਣਾ ਉੱਚਾ ਦੇ ਕਮਿਊਨਿਟੀ ਹਾਲ ਵਿਚ , 10 ਫਰਵਰੀ ਦਿਨ ਸ਼ਨੀਵਾਰ ਨੂੰ ਪਿੰਡ ਪੋਸੀ ਤਹਿਸੀਲ ਗੜ੍ਹਸ਼ੰਕਰ ਵਿਚ, 12 ਫਰਵਰੀ ਦਿਨ ਸੋਮਵਾਰ ਨੂੰ ਪਠਲਾਵਾ ਅਤੇ ਗੁਜ਼ਰ ਪੁਰ ਖੁਰਦ ਵਿਖੇ ਲੋਹੜੀ ਪਾਉਣ ਹਿਤ ਸਮਾਗ.ਮ ਕਰਵਾਏ ਜਾ ਰਹੇ ਹਨ ਇਹਨਾਂ ਸਮਾਗਮਾਂ ਵਿਚ ਉਪਕਾਰ ਕੌਆਰਡੀਨੇਸ਼ਨ ਸੁਸਾਇਟੀ ਨਵਾਂ ਸ਼ਹਿਰ ਦੇ ਸਮੂਹ ਅਹੁਦੇਦਾਰ ਅਤੇ ਮੈਂਬਰਾਨ ਉਚੇਚੇ ਤੌਰ ਤੇ ਪੁਹਚ ਕੇ ਬੇਟੀਆਂ ਦੇ ਹੱਕ ਵਿੱਚ ਆਪਣੀ ਅਵਾਜ਼ ਬੁਲੰਦ ਕਰਨਗੇ। ਇਸ ਤੋਂ ਇਲਾਵਾ ਪਿੰਡ ਸੁਜੋਂ ਅਤੇ ਸਿੰਬਲੀ ਵਿਚ ਵੀ ਉਪਕਾਰ ਕੌਆਰਡੀਨੇਸ਼ਨ ਸੁਸਾਇਟੀ ਨਵਾਂ ਸ਼ਹਿਰ ਦੇ ਸਹਿਯੋਗ ਨਾਲ ਬੇਟੀਆਂ ਦੀ ਲੋਹੜੀ ਵੰਡਣ ਦੇ ਸਮਾਗਮ ਕਰਵਾਏ ਜਾ ਰਹੇ ਹਨ। ਆਮ ਸਮਾਜ ਨੂੰ ਹੋਕਾਂ ਦਿੰਦਿਆਂ ਬੁਲਾਰਿਆਂ ਨੇ ਆਖਿਆ ਕਿ ਆਉ ਆਪਣੀਆਂ ਬੇਟੀਆਂ ਨੂੰ ਵੀ ਪੁੱਤਰਾਂ ਵਾਂਗ ਲਾਡ ਲਡਾਈਏ ਅਤੇ ਉਹਨਾਂ ਨੂੰ ਜ਼ਿੰਦਗੀ ਦੇ ਹਰ ਖੇਤਰ ਵਿਚ ਵਿਚਰਨ ਦੇ ਮੌਕੇ ਪ੍ਰਦਾਨ ਕਰੀਏ। ਉਹਨਾਂ ਨੇ ਕਿਹਾ ਕਿ ਧੀਆਂ ਕਿਸੇ ਤੋਂ ਘੱਟ ਨਹੀਂ ਹਨ ਬਸ ਸਮਾਜ ਨੂੰ ਬੇਟੀਆਂ ਪ੍ਰਤੀ ਆਪਣਾਂ ਨਜ਼ਰੀਆ ਬਦਲਣ ਦੀ ਲੋੜ ਹੈ।

**-ਵਿਸ਼ੇਸ਼ ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਗੁਰਪੁਰਬ ਦੀਆਂ ਪ੍ਰਭਾਤ ਫੇਰੀਆਂ 29 ਤਰੀਕ ਨੂੰ ਆਰੰਭ ਹੋਣਗੀਆਂ—ਪ੍ਰਧਾਨ ਹਰਜੀਤ ਸਿੰਘ



ਫ਼ਿਰੋਜ਼ਪੁਰ, 27 ਦਸੰਬਰ (ਮਨੋਹਰ ਲਾਲ) :— ਗੁਰਦੁਆਰਾ ਮਾਈ ਰਾਮਦੇਵੀ ਜੀ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਗੁਰਪੁਰਬ ਨੂੰ ਸਮਰਪਿਤ ਪ੍ਰਭਾਤ ਫੇਰੀਆਂ 29 ਦਸੰਬਰ ਦਿਨ ਸੋਮਵਾਰ ਤੋਂ ਆਰੰਭ ਹੋਣਗੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਹਰਜੀਤ ਸਿੰਘ ਨੇ ਦੱਸਿਆ ਕਿ 29 ਦਸੰਬਰ ਨੂੰ ਸ਼ੁਰੂ ਹੋਣ ਵਾਲੀਆਂ ਪ੍ਰਭਾਤ ਫੇਰੀਆਂ ਪੰਜ ਜਨਵਰੀ ਤੱਕ ਚੱਲਣਗੀਆਂ ਅਤੇ ਤਿੰਨ ਜਨਵਰੀ ਦਿਨ ਸ਼ਨੀਵਾਰ ਨੂੰ ਹਰਨਾਮ ਸਿੰਘ ਮੰਡੀ ਵਾਲੇ ਦੇ ਪਰਿਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 10 ਵਜੇ ਆਰੰਭ ਹੋਣਗੇ, ਜਿਸ ਦੇ ਭੋਗ 5 ਜਨਵਰੀ ਦਿਨ ਸੋਮਵਾਰ ਸਵੇਰੇ 10 ਵਜੇ ਪਾਏ ਜਾਣਗੇ। ਉਨ੍ਹਾਂ ਦੱਸਿਆ ਕਿ ਭੋਗ ਤੋਂ ਉਪਰੰਤ ਕੀਰਤਨ ਦਰਬਾਰ ਹੋਵੇਗਾ, ਜਿਸ ਵਿੱਚ ਭਾਈ ਅਵਤਾਰ ਸਿੰਘ ਫੌਜੀ, ਬੀਬੀ ਕੁਲਤਾਰ ਕੌਰ, ਬੀਬੀ ਪਰਵਿੰਦਰ ਕੌਰ ਮੱਕੜ ਅਤੇ ਅਰਸ਼ਦੀਪ ਕੌਰ ਵੱਲੋਂ ਕੀਰਤਨ ਕੀਤਾ ਜਾਵੇਗਾ। ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਪ੍ਰਧਾਨ ਹਰਜੀਤ ਸਿੰਘ ਵੱਲੋਂ ਬੇਨਤੀ ਹੈ ਕਿ ਪ੍ਰਭਾਤ ਫੇਰੀਆਂ ਵਿੱਚ ਵੱਧ ਤੋਂ ਵੱਧ ਪਹੁੰਚ ਕੇ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

# ਗੁਰਦੁਆਰਾ ਸਿੰਘ ਸਭਾ ਸਾਹਿਬ ਪਿੰਡ ਤੂਤ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਤੋਂ ਨਗਰ ਕੀਰਤਨ ਸਜਾਇਆ



ਫ਼ਿਰੋਜ਼ਪੁਰ, 27 ਦਸੰਬਰ (ਮਨੋਹਰ ਲਾਲ) :— ਗੁਰਦੁਆਰਾ ਸਿੰਘ ਸਭਾ ਸਾਹਿਬ ਪਿੰਡ ਤੂਤ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਤੇ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਪੰਜ ਪਿਆਰਿਆਂ ਦੀ ਅਗਵਾਈ ਵਿਚ ਪਿੰਡ ਤੂਤ ਵਿਖੇ ਹੀ ਸਜਾਇਆ। ਇਸ ਮੌਕੇ ਤੇ ਗੁਰਦੁਆਰਾ ਸਿੰਘ ਸਭਾ ਸਾਹਿਬ ਜੀ ਦੇ ਪ੍ਰਬੰਧਕ ਅਤੇ ਭਾਈ ਪਰਵਿੰਦਰ ਸਿੰਘ ਹਾਜ਼ਰ ਸਨ। ਇਸ ਮੌਕੇ ਤੇ ਗੁਰਦੁਆਰਾ ਛਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ ਵਿਸ਼ੇਸ਼ ਤੌਰ ਤੇ ਨਗਰ ਕੀਰਤਨ ਵਿਚ ਸ਼ਾਮਲ ਹੋਏ ਅਤੇ ਕਿਹਾ ਕਿ ਸਾਨੂੰ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਨਗਰ ਕੀਰਤਨ ਵੱਧ ਤੋਂ ਵੱਧ ਸਜਾਏ ਚਾਹੀਦੇ ਹਨ, ਜਿਨ੍ਹਾਂ ਨੇ ਆਪਣਾ ਸਰਬੰਸ ਵਾਰ ਦਿੱਤਾ ਅਤੇ ਸਰਬੰਸ ਵਾਰ ਕੇ ਇਹੋ ਕਿਹਾ ਕਿ ਭਾਣਾ ਮਿੱਠਾ ਲਾਗੇ ਤੇਰਾ, ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ ਤੇ ਚਲ ਕੇ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਨਗਰ ਕੀਰਤਨ ਵਿਚ ਹੱਥੀ ਸੇਵਾ ਕੀਤੀ।

# ਗੁਰਦੁਆਰਾ ਮਾਛੀਵਾੜਾ ਵਿਖੇ ਚਾਰ ਸਾਹਿਬਜ਼ਾਦਿਆਂ, ਮਾਤਾ ਗੁਜਰ ਕੌਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ



**ਫ਼ਿਰੋਜ਼ਪੁਰ, 27 ਦਸੰਬਰ (ਮਨੋਹਰ ਲਾਲ) :—** ਗੁਰਦੁਆਰਾ ਮਾਛੀਵਾੜਾ ਵਿਖੇ ਚਾਰ ਸਾਹਿਬਜਾਦਿਆਂ, ਮਾਤਾ ਗੁਜਰ ਕੌਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਵੱਲੋਂ ਆਪਣੇ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗਿਆਨੀ ਬਲਵਿੰਦਰ ਸਿੰਘ ਖਾਲਸਾ ਨੇ ਚਾਰ ਸਾਹਿਬਜਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਅਤੇ ਕਿਹਾ ਕਿ ਸਾਨੂੰ ਉਨ੍ਹਾਂ ਦੀ ਦਿੱਤੀ ਲਾਸਾਨੀ ਕੁਰਬਾਨੀ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਆਪਣਾ ਸਰਬੰਸ ਵਾਰ ਦਿੱਤਾ ਅਤੇ ਸਾਨੂੰ ਸਰਦਾਰੀਆਂ ਬਖਸ਼ੀਆਂ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

6 ਜਨਵਰੀ ਨੂੰ ਨਿਗਰਾਨ ਇੰਜੀਨੀਅਰ ਦੇ ਦਫ਼ਤਰਾਂ ਦਾ ਕੀਤਾ ਜਾਵੇਗਾ ਘਿਰਾਓ : ਰੁਪਿੰਦਰ ਸਿੰਘ

# ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਕੀਤਾ ਜਾਵੇ ਪੱਕਾ



**ਫ਼ਿਰੋਜ਼ਪੁਰ, 27 ਦਸੰਬਰ (ਮਨੋਹਰ ਲਾਲ) :—** ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ. 31) ਜ਼ਿਲਾ ਫਿਰੋਜ਼ਪੁਰ ਦੇ ਜ਼ਿਲਾ ਪ੍ਰਧਾਨ ਬਲਜੀਤ ਸਿੰਘ, ਜਿਲਾ ਜਰਨਲ ਸਕੱਤਰ ਹਰਜਿੰਦਰ ਸਿੰਘ ਮੋਮੀ, ਸਰਕਲ ਪ੍ਰਧਾਨ ਬਲਕਾਰ ਸਿੰਘ ਨੇ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਪੰਜਾਬ ਸਰਕਾਰ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ ’ਤੇ ਫੀਲਡ ਅਤੇ ਦਫਤਰਾਂ ਵਿਚ ਵੱਖ—ਵੱਖ ਪੋਸਟਾਂ ’ਤੇ (ਰੈਗੂਲਰ ਮੁਲਾਜਮਾਂ ਵਾਂਗ) ਪਿਛਲੇ 15 ਤੋਂ 20 ਸਾਲਾਂ ਦੇ ਲੰਬੇ ਅਰਸੇ ਤੋਂ ਇਕ ਵਰਕਰ ਦੇ ਰੂਪ ’ਚ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਅਧਾਰਿਤ ਵਰਕਰਾਂ ਨੂੰ ਉਨ੍ਹਾਂ ਦੇ ਤਜਰਬੇ ਦੇ ਅਧਾਰ ’ਤੇ ਸਬੰਧਤ ਵਿਭਾਗ ’ਚ ਮਰਜ ਕਰਕੇ ‘ਪੱਕੇ ਰੁਜਗਾਰ’ ਦਾ ਪ੍ਰਬੰਧ ਕਰਨ ਸਮੇਤ ‘ਮੰਗ—ਪੱਤਰ’ ਵਿਚ ਦਰਜ ਤਮਾਮ ਮੰਗਾਂ—ਮਸਲਿਆ ਦੇ ਹੱਲ ਕਰਨ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਪੂਰਜੋਰ ਮੰਗ ਕੀਤੀ ਜਾ ਰਹੀ ਹੈ। ਇਸ ਅਰਸੇ ਦੌਰਾਨ ਜਿਥੇ ਇਕ ਪਾਸੇ ਪੰਜਾਬ ਸਰਕਾਰ ਵੱਲੋਂ ਯੂਨੀਅਨ ਦੀਆਂ ਮੰਗਾਂ ਦਾ ਹੱਲ ਨਾ ਕਰਕੇ ਪਿਛਲੇ ਪੌਣੇ ਚਾਰ ਸਾਲ ਦੇ ਸ਼ਾਸਨਕਾਲ ਦੌਰਾਨ ਲਾਰਿਆਂ ਵਿਚ ਰੱਖਿਆ ਹੋਇਆ ਹੈ ਉਥੇ ਵਿਭਾਗੀ ਅਧਿਕਾਰੀਆਂ ਵੱਲੋਂ ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ ਅਤੇ ਸਕਾਡਾ ਸਿਸਟਮ ਲਗਾਉਣ ਵਾਲੀਆਂ ਵਰਕਰ ਵਿਰੋਧੀ ਨੀਤੀਆਂ ਨੂੰ ਪੂਰੇ ਜੋਰ ਸ਼ੋਰ ਨਾਲ ਲਾਗੂ ਕੀਤਾ ਜਾ ਰਿਹਾ ਹੈ। ਇਸੇ ਤਰ੍ਹਾਂ ਹੀ ਹੋਰ ਵਰਕਰ ਵਿਰੋਧੀ ਸਰਗਰਮੀਆਂ ਕਰਕੇ ਸਾਲਾਂਬੱਧੀ ਅਰਸ਼ੇ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਦੇ ਕੱਚੇ—ਪਿੱਲੇ ਰੁਜਗਾਰ ਨੂੰ ਵੀ ਖੋਹਣ ਦੀਆਂ ਨੀਤੀਆਂ ਲਾਗੂ ਕਰਕੇ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹੈ, ਇਸੇ ਰੋਸ ਵਜੋਂ ਉਪਰੋਕਤ ਯੂਨੀਅਨ ਦੀ ਸੂਬਾ ਵਰਕਿੰਗ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਹੈ ਜਦੋਂ ਤੱਕ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਦਾ ਰੁਜਗਾਰ ਪੱਕਾ ਕਰਨ ਸਮੇਤ ਮੰਗ ਪੱਤਰ ਵਿੱਚ ਦਰਜ ਤਮਾਮ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ, ਉਸ ਸਮੇਂ ਤੱਕ ਯੂਨੀਅਨ ਵੱਲੋਂ ਪੂਰਅਮਨ ਢੰਗ ਨਾਲ ਪੰਜਾਬ ਸਰਕਾਰ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਮੈਨੇਜਮੈਂਟ ਵਿਰੁੱਧ ਸੰਘਰਸ਼ ਨੂੰ ਜਾਰੀ ਰੱਖਿਆ ਜਾਵੇਗਾ। ਇਸੇ ਕੜੀ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ’ਚ ਕੰਮ ਕਰਦੇ ਇਨਲਿਸਟਮੈਂਟ ਆਊਟਸੋਰਸ ਵਰਕਰਾਂ ਨੂੰ ਸਬੰਧਤ ਵਿਭਾਗ ਵਿੱਚ ਮਰਜ ਕਰਕੇ ਈ.ਪੀ.ਐਫ. ਅਤੇ ਈ.ਐਸ.ਆਈ. ਵਰਗੀਆਂ ਤਮਾਮ ਸਹੂਲਤਾਂ ਦੇਣ ਵਾਲੀ ਪਾਲਸੀ (ਤਜਵੀਜ) ਨੂੰ ਲਾਗੂ ਕਰਕੇ ਵਰਕਰਾਂ ਦਾ ਪੱਕਾ ਰੁਜਗਾਰ ਕਰਨ ਸਮੇਤ ਮੰਗ ਪੱਤਰ ਵਿੱਚ ਦਰਜ ਹੱਕੀ ਅਤੇ ਜਾਇਜ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਦੀ ਮੰਗ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਦੇ ਸੱਦੇ ਤੇ ਮਿਤੀ 06 ਜਨਵਰੀ 2026 ਦਿਨ ਮੰਗਲਵਾਰ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਪੰਜਾਬ ਦੇ ਨਿਗਰਾਨ ਇੰਜੀਨੀਅਰ ਦਫਤਰ ਫਿਰੋਜਪੁਰ ਦਾ ਘਿਰਾਓ ਕੀਤਾ ਜਾਵੇਗਾ, ਜਿਸ ਦੇ ਨਿਕਲਣ ਵਾਲੇ ਨਤੀਜੇ ਦੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਵਿਭਾਗੀ ਅਧਿਕਾਰੀਆਂ ਦੀ ਹੋਵੇਗੀ। ਇਸ ਮੌਕੇ ਸੁਰਜੀਤ ਸਿੰਘ, ਮਲਕੀਤ ਚੰਦ, ਸੁਖਬੀਰ ਸਿੰਘ, ਸੁਖਦੇਵ ਸਿੰਘ, ਸਤਪਾਲ ਸਿੰਘ, ਸੰਤੋਖ ਸਿੰਘ, ਗੁਰਮੁਖ ਸਿੰਘ, ਗੁਰਪ੍ਰੀਤ ਸਿੰਘ, ਰਮੇਸ਼ ਕੁਮਾਰ, ਪ੍ਰੈਸ ਸਕੱਤਰ ਰਣਜੀਤ ਸਿੰਘ ਖਾਲਸਾ ਆਦਿ ਮੌਜੂਦ ਸਨ।

ਅਕਾਲੀ ਆਗੂਆਂ ਦੇ ਸ਼ਰਾਬ ਕਾਰੋਬਾਰ ਨਾ ਛੱਡਣ ਸੂਰਤ ’ਚ

# ਜਥੇਦਾਰ ਦਾ ਸੱਦਾ ਕੋਈ ਅਰਥ ਨਹੀਂ ਰੱਖਦਾ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 27 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ’ਜਥੇਦਾਰ’ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸ਼ਹੀਦੀ ਦਿਹਾੜਿਆਂ ’ਤੇ ਪੰਜਾਬ ਵਿੱਚ ਸ਼ਰਾਬ ਦੇ ਠੇਕੇ ਮੁਕੰਮਲ ਤੌਰ ’ਤੇ ਬੰਦ ਕਰਨ ਦੇ ਸੱਦੇ ’ਤੇ ਟਿੱਪਣੀ ਕਰਦਿਆਂ ਕਿਹਾ ਕਿ ਇਹ ਵਿਚਾਰ ਨੈਤਿਕ ਅਤੇ ਸਨਮਾਨਯੋਗ ਤਾਂ ਹੈ, ਪਰ ਇਹ ਤਦੋਂ ਹੀ ਅਰਥਪੂਰਨ ਬਣੇਗਾ ਜਦੋਂ ਪਹਿਲਾਂ ਪੰਥਕ ਰਾਜਨੀਤੀ ਦੀ ਦੋਗਲੀ ਨੀਤੀ, ਅਕਾਲੀਆਂ ਦੇ ਸ਼ਰਾਬ ਕਾਰੋਬਾਰ ਨਾਲ ਸਾਂਝ ਅਤੇ ਪੰਥਕ ਸਰਕਾਰ ਦੌਰਾਨ ਨਸ਼ੇ ਨੂੰ ਰੈਵੀਨਿਊ ਮਾਡਲ ਬਣਾਉਣ ਦੀ ਸਚਾਈ ਨੂੰ ਬੇਨਕਾਬ ਕਰਕੇ ਉਸ ’ਤੇ ਕਾਰਵਾਈ ਕੀਤੀ ਜਾਵੇ।

ਪ੍ਰੋ. ਖਿਆਲਾ ਨੇ ਪੰਥਕ ਰਾਜਨੀਤੀ ਦੀ ਅਸਲ ਹਕੀਕਤ ਉੱਤੇ ਲਾਜ਼ਮੀ ਅਤੇ ਗੰਭੀਰ ਚਰਚਾ ਛੇੜਦਿਆਂ ਜ਼ੋਰ ਦੇ ਕੇ ਕਿਹਾ ਕਿ ਅਕਾਲ ਤਖ਼ਤ ਸਾਹਿਬ ਅਤੇ ਤਖ਼ਤਾਂ ਦੇ ਜਥੇਦਾਰਾਂ ਦਾ ਰੁਤਬਾ ਬੇਹੱਦ ਉੱਚਾ ਅਤੇ ਸਨਮਾਨਯੋਗ ਹੈ। ਜੇਕਰ ਜਥੇਦਾਰ ਦਾ ਮਨੋਰਥ ਇਸ ਵਿਸ਼ੇ ’ਤੇ ਸਰਕਾਰ ਤੋਂ ਮੰਗ ਜਾਂ ਅਪੀਲ ਕਰਨਾ ਹੈ, ਤਾਂ ਸਿੱਖ ਪਰੰਪਰਾ ਅਨੁਸਾਰ ਜਥੇਦਾਰ ਅਪੀਲ ਜਾਂ ਮੰਗ ਨਹੀਂ ਕਰਦਾ, ਸਗੋਂ ਕੌਮ ਨੂੰ ਆਦੇਸ਼ ਜਾਰੀ ਕਰਦਾ ਹੈ। ਜਥੇਦਾਰ ਵੱਲੋਂ ਜਾਰੀ ਆਦੇਸ਼ ਸਿੱਖ ਪੰਥ ਲਈ ਅਹਿਮ ਹੁੰਦਾ ਹੈ, ਪਰ ਗੈਰ-ਸਿੱਖ ਸਮਾਜ ’ਤੇ ਲਾਜ਼ਮੀ ਨਹੀਂ ਹੁੰਦਾ। ਜੇਕਰ ਜਥੇਦਾਰ ਵੱਲੋਂ ਜਾਰੀ ਕੀਤਾ ਗਿਆ ਸੱਦਾ ਜਾਂ ਆਦੇਸ਼ ਅਮਲ ਵਿੱਚ ਨਹੀਂ ਆਉਂਦਾ, ਤਾਂ ਇਹ ਸਿਰਫ਼ ਜਥੇਦਾਰ ਦੀ ਹੀ ਨਹੀਂ, ਸਗੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤੌਹੀਨ ਮੰਨੀ ਜਾਵੇਗੀ, ਜਿਸ ਦੀ ਨੈਤਿਕ ਜ਼ਿੰਮੇਵਾਰੀ ਜਥੇਦਾਰ ’ਤੇ ਆਉਂਦੀ ਹੈ। ਇਸ ਲਈ ਕਿਸੇ ਵੀ ਜਥੇਦਾਰ ਨੂੰ ਨਿੱਤ ਪ੍ਰੈੱਸ ਸਾਹਮਣੇ ਬਿਆਨਬਾਜ਼ੀ ਕਰਨ ਅਤੇ ਆਦੇਸ਼ ਜਾਂ ਸੱਦਾ ਦੇਣ ਤੋਂ ਸੰਕੋਚ ਕਰਨਾ ਚਾਹੀਦਾ ਹੈ।

> ਸ਼ਹੀਦੀ ਦਿਹਾੜਿਆਂ ’ਤੇ ਸ਼ਰਾਬਬੰਦੀ ਦਾ ਸੱਦਾ ਸਵਾਗਤ ਯੋਗ, ਪਰ ਪਹਿਲਾਂ ਅਕਾਲੀ ਲੀਡਰਸ਼ਿਪ ਦੀ ਜਵਾਬਦੇਹੀ ਤੈਅ ਹੋਵੇ

ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਜਥੇਦਾਰ ਸਾਹਿਬ ਵਾਕਿਆ ਹੀ ਇਹ ਮੰਨਦੇ ਹਨ ਕਿ ਸ਼ਰਾਬ ਇੱਕ ਨਸ਼ਾ ਹੈ, ਸਮਾਜਕ ਬਰਬਾਦੀ ਦਾ ਸਾਧਨ ਹੈ ਅਤੇ ਸਿੱਖ ਰਹਿਤ ਮਰਯਾਦਾ ਅਨੁਸਾਰ ਸ਼ਰਾਬ ਸਮੇਤ ਹਰ ਨਸ਼ੇ ਦਾ ਸੇਵਨ ਕਰਨ ਵਾਲਾ ਵਿਅਕਤੀ ਤਨਖ਼ਾਹੀਆ ਹੈ, ਤਾਂ ਫਿਰ ਇਹ ਸਵਾਲ ਬੇਹੱਦ ਜ਼ਰੂਰੀ ਹੈ ਕਿ ਜਥੇਦਾਰ ਵੱਲੋਂ ਅੱਜ ਵੀ ਸ਼ਰਾਬ ਕਾਰੋਬਾਰ ਵਿੱਚ ਲਿਪਤ ਅਕਾਲੀ ਆਗੂਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਪਹਿਲਾਂ ਆਪਣਾ ਇਹ ਕਾਰੋਬਾਰ ਛੱਡਣ ਦੀ ਸਲਾਹ ਕਿਉਂ ਨਹੀਂ ਦਿੱਤੀ ਗਈ, ਅਜਿਹੀ ਸਥਿਤੀ ਵਿੱਚ ਦਿੱਤਾ ਗਿਆ ਇਹ ਸੱਦਾ ਕੋਈ ਅਰਥ ਨਹੀਂ ਰੱਖਦਾ।

ਉਨ੍ਹਾਂ ਕਿਹਾ ਕਿ ਇਹ ਕੋਈ ਲੁਕਿਆ ਹੋਇਆ ਤੱਥ ਨਹੀਂ ਕਿ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਨਾਲ ਜੁੜੇ ਕਈ ਪਰਿਵਾਰ ਸਿੱਧੇ ਜਾਂ ਅਸਿੱਧੇ ਤੌਰ ’ਤੇ ਸ਼ਰਾਬ ਇੰਡਸਟਰੀ ਵਿੱਚ ਹਿੱਸੇਦਾਰ, ਸ਼ੇਅਰ ਹੋਲਡਰ, ਇੱਥੋਂ ਤੱਕ ਕਿ ਮਾਲਕ ਅਤੇ ਸੰਚਾਲਕ ਵੀ ਹਨ।

ਪ੍ਰੋ. ਖਿਆਲਾ ਨੇ ਸਵਾਲ ਉਠਾਇਆ ਕਿ ਕੀ ਜਥੇਦਾਰ ਇਸ ਗੱਲ ਦੀ ਪੜਚੋਲ ਕਰਨਗੇ ਕਿ ਜਦੋਂ ਪੰਥਕ ਪਾਰਟੀ ਅਤੇ ਪੰਥਕ ਸਰਕਾਰ ਸੱਤਾ ਵਿੱਚ ਸੀ, ਉਸ ਸਮੇਂ ਸ਼ਹੀਦੀ ਦਿਹਾੜਿਆਂ ’ਤੇ ਠੇਕੇ ਬੰਦ ਕਿਉਂ ਨਹੀਂ ਕਰਵਾਏ ਗਏ? ਪੰਥਕ ਸਰਕਾਰਾਂ ਦੇ ਸਮੇਂ ਦੌਰਾਨ ਸ਼ਰਾਬ ਕਾਰੋਬਾਰ ਨੂੰ ਨਾ ਸਿਰਫ਼ ਖੁੱਲ੍ਹੀ ਛੂਟ ਮਿਲੀ, ਸਗੋਂ ਰੈਵੀਨਿਊ ਵਧਾਉਣ ਦੇ ਨਾਂ ’ਤੇ ਪਿੰਡ-ਪਿੰਡ ਠੇਕੇ ਖੋਲ੍ਹ ਕੇ ਨਸ਼ੇ ਨੂੰ ਸਰਕਾਰੀ ਰੈਵੀਨਿਊ ਮਾਡਲ ਕਿਉਂ ਬਣਾਇਆ ਗਿਆ? ਅਕਾਲੀ ਮੰਤਰੀ ਅਤੇ ਆਗੂ ਸ਼ਰਾਬ ਨੀਤੀ ਨੂੰ ਬਰਕਰਾਰ ਰੱਖਣ ਅਤੇ ਉਸ ਨੂੰ ਵਧਾਵਾ ਦੇਣ ਵਿੱਚ ਕਿਉਂ ਲੱਗੇ ਰਹੇ? ਸ਼ਰਾਬ ਮਾਫ਼ੀਆ ਦਾ ਬੋਲਬਾਲਾ, ਆਬਕਾਰੀ ’ਤੇ ਏਕਾਧਿਕਾਰ ਅਤੇ ਰਾਜਨੀਤਿਕ ਸਰਪ੍ਰਸਤੀ ਦੇ ਦੋਸ਼ ਕਿਉਂ ਲੱਗਦੇ ਰਹੇ? ਕੀ ਪੰਥਕ ਸਰਕਾਰ ਸਮੇਂ ਸ਼ਰਾਬ ਨੂੰ ਕਮਾਈ ਦਾ ਮੁੱਖ ਸਰੋਤ ਬਣਾਇਆ ਜਾਣਾ ਸਿੱਖ ਕਦਰਾਂ-ਕੀਮਤਾਂ ਅਤੇ ਸ਼ਹੀਦੀ ਪਰੰਪਰਾ ਨਾਲ ਸਿੱਧੀ ਟੱਕਰ ਨਹੀਂ ਸੀ? ਅਤੇ ਕੀ ਜਥੇਦਾਰ ਅਕਾਲੀ ਲੀਡਰਸ਼ਿਪ ਤੋਂ ਇਸ ਬਾਰੇ ਜਵਾਬਤਲਬੀ ਕਰਨਗੇ?

ਉਨ੍ਹਾਂ ਅੰਤ ਵਿੱਚ ਕਿਹਾ ਕਿ ਜਥੇਦਾਰ ਸਾਹਿਬ ਨੂੰ ਸਭ ਤੋਂ ਪਹਿਲਾਂ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਨਾਲ ਸੰਬੰਧਿਤ ਪਰਿਵਾਰਕ ਮੈਂਬਰਾਂ ’ਤੇ ਸਿੱਖ ਰਹਿਤ ਮਰਯਾਦਾ ਲਾਗੂ ਹੈ ਜਾਂ ਨਹੀਂ, ਅਤੇ ਜੇ ਨਹੀਂ, ਤਾਂ ਸ਼ੁਰੂਆਤ ਉੱਥੋਂ ਹੀ ਹੋਣੀ ਚਾਹੀਦੀ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਭਾਈ ਪ੍ਰਿਤਪਾਲ ਸਿੰਘ ਨਾਲ ਹਰ ਘੜੀ ਡੱਟ ਕੇ ਖੜੇ ਹਾਂ : ਜੱਥੇਦਾਰ ਬਾਬਾ ਪ੍ਰਗਟ ਸਿੰਘ ਅਰਬਾਂ-ਖਰਬਾਂ ਵਾਲੇ

## ਅਕਾਲੀ ਦਲ ਵਾਰਿਸ ਪੰਜਾਬ ਦੇ ਸ਼ਾਂਤਮਈ ਰੋਸ ਅਤੇ ਇਨਸਾਫ਼ ਲਈ ਕੀਤੇ ਗਏ ਯਤਨਾਂ ਦੀ ਕੀਤੀ ਸ਼ਲਾਘਾ



**ਮੋਗਾ, 27 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਜੱਥੇਦਾਰ ਬਾਬਾ ਪ੍ਰਗਟ ਸਿੰਘ ਅਰਬਾਂ-ਖਰਬਾਂ ਵਾਲਿਆਂ ਨੇ ਕਿਹਾ ਹੈ ਕਿ ਪਿਛਲੇ ਦਿਨੀ ਸੋਸ਼ਲ ਮੀਡੀਆ ‘ਤੇ ਖਿਡੌਣਾ ਏਅਰ ਗੰਨ ਨਾਲ ਵਾਇਰਲ ਹੋਈ ਤਸਵੀਰ ਕਾਰਨ ਭਾਈ ਪ੍ਰਿਤਪਾਲ ਸਿੰਘ ਨਾਲ ਹੋ ਰਹੀ ਬੇਇਨਸਾਫ਼ੀ ਦੇ ਖ਼ਿਲਾਫ਼ ਉਹ ਹਰ ਘੜੀ ਡੱਟ ਕੇ ਖੜੇ ਹਨ ਅਤੇ ਉਨ੍ਹਾਂ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਭਵ ਜਤਨ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਤਕਨੀਕੀ ਜਾਂ ਕਾਨੂੰਨੀ ਤਫਤੀਸ਼ ਕੀਤੇ ਖਿਡੌਣਾਂ ਏਅਰ ਗੰਨ ਨੂੰ ਅਸਲੀ ਹਥਿਆਰ ਮੰਨ ਕੇ ਪਰਚਾ ਦਰਜ ਕਰਨਾ ਕਾਨੂੰਨ ਦੀ ਸਪਸ਼ਟ ਉਲੰਘਣਾ ਹੈ। ਅਜਿਹੀ ਮਨਮਰਜ਼ੀ ਕਾਰਵਾਈ ਨਿਰਦੋਸ਼ ਨਾਗਰਿਕਾਂ ਦੇ ਅਧਿਕਾਰਾਂ ‘ਤੇ ਸਿੱਧਾ ਹਮਲਾ ਹੈ, ਜਿਸਦਾ ਪੂਰੀ ਤਰ੍ਹਾਂ ਵਿਰੋਧ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕੱਲ੍ਹ ਉਹ ਅਕਾਲੀ ਦਲ ਵਾਰਿਸ ਪੰਜਾਬ ਦੀ ਸੀਨੀਅਰ ਲੀਡਰਸ਼ਿਪ ਦੇ ਨਾਲ ਆਪਣੇ ਜਥੇ ਸਮੇਤ ਐਸ.ਐਸ.ਪੀ. ਮੋਗਾ ਦੇ ਦਫ਼ਤਰ ਅੱਗੇ ਕੀਤੇ ਗਏ ਸ਼ਾਂਤਮਈ ਰੋਸ ਪ੍ਰਦਰਸ਼ਨ ਦੌਰਾਨ ਮੌਜੂਦ ਸਨ, ਜਿੱਥੇ ਪਾਰਟੀ ਵੱਲੋਂ ਭਾਈ ਪ੍ਰਿਤਪਾਲ ਸਿੰਘ ਦੇ ਮਾਮਲੇ ਨੂੰ ਪੂਰੀ ਗੰਭੀਰਤਾ ਨਾਲ ਉਠਾਇਆ ਗਿਆ। ਇਸ ਮੌਕੇ ਐਸ.ਐਸ.ਪੀ. ਮੋਗਾ ਵੱਲੋਂ ਭਾਈ ਪ੍ਰਿਤਪਾਲ ਸਿੰਘ ਨੂੰ ਇਨਸਾਫ਼ ਦਿਵਾਉਣ ਦਾ ਪੂਰਨ ਵਿਸ਼ਵਾਸ ਦਿਵਾਇਆ ਗਿਆ, ਜੋ ਕਿ ਇਨਸਾਫ਼ ਦੀ ਲੜਾਈ ਵਿੱਚ ਇੱਕ ਮਹੱਤਵਪੂਰਣ ਕਦਮ ਹੈ। ਬਾਬਾ ਪ੍ਰਗਟ ਸਿੰਘ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ਼ਾਂਤਮਈ, ਸੰਵਿਧਾਨਕ ਅਤੇ ਲੋਕਤੰਤਰਕ ਢੰਗ ਨਾਲ ਰੋਸ ਪ੍ਰਦਰਸ਼ਨ ਕਰਨਾ ਅਤੇ ਪ੍ਰਸ਼ਾਸਨ ਨਾਲ ਸਿੱਧੀ ਗੱਲਬਾਤ ਕਰਕੇ ਨਿਰਦੋਸ਼ ਦੇ ਹੱਕ ਵਿੱਚ ਅਵਾਜ਼ ਬੁਲੰਦ ਕਰਨੀ ਸ਼ਲਾਘਾਯੋਗ ਹੈ। ਅਜਿਹੇ ਕਦਮ ਸਮਾਜ ਵਿੱਚ ਕਾਨੂੰਨ ਅਤੇ ਇਨਸਾਫ਼ ‘ਤੇ ਭਰੋਸਾ ਮਜ਼ਬੂਤ ਕਰਦੇ ਹਨ। ਉਨ੍ਹਾਂ ਆਖਿਆ ਕਿ ਕਿਸੇ ਵੀ ਨਿਰਦੋਸ਼ ਵਿਅਕਤੀ ਨਾਲ ਹੋ ਰਹੀ ਬੇਇਨਸਾਫ਼ੀ ਸਿਰਫ਼ ਇੱਕ ਪਰਿਵਾਰ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਚਿੰਤਾ ਦਾ ਵਿਸ਼ਾ ਹੁੰਦੀ ਹੈ। ਗੁਰਮਤਿ ਅਨੁਸਾਰ ਜ਼ੁਲਮ ਦੇ ਖ਼ਿਲਾਫ਼ ਖੜ੍ਹਨਾ ਹਰ ਸੱਚੇ ਮਨੁੱਖ ਦਾ ਫ਼ਰਜ਼ ਹੈ ਅਤੇ ਇਸ ਮਾਮਲੇ ਵਿੱਚ ਇਨਸਾਫ਼ ਮਿਲਣ ਤੱਕ ਸੰਘਰਸ਼ ਸ਼ਾਂਤਮਈ ਢੰਗ ਨਾਲ ਜਾਰੀ ਰਹੇਗਾ। ਅੰਤ ਵਿੱਚ ਜੱਥੇਦਾਰ ਬਾਬਾ ਪ੍ਰਗਟ ਸਿੰਘ ਅਰਬਾਂ-ਖਰਬਾਂ ਵਾਲਿਆਂ ਨੇ ਸਪਸ਼ਟ ਕੀਤਾ ਕਿ ਭਾਈ ਪ੍ਰਿਤਪਾਲ ਸਿੰਘ ਨਾਲ ਨਿਆਂ ਹੋਣ ਤੱਕ ਉਹ ਅਤੇ ਉਨ੍ਹਾਂ ਨਾਲ ਜੁੜੀਆਂ ਸੰਗਤਾਂ ਪੂਰੀ ਤਰ੍ਹਾਂ ਨਾਲ ਡੱਟ ਕੇ ਖੜੀਆਂ ਰਹਿਣਗੀਆਂ।

# ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ





**ਤਲਵੰਡੀ ਸਾਬੋ, 27 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਕਲਗੀਧਰ, ਦਸਮੇਸ਼ ਪਿਤਾ, ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਸਿੱਖ ਪੰਥ ਦੇ ਹੋਰਨਾਂ ਹਿੱਸਿਆਂ ਵਾਂਗ ਸਿੱਖਾਂ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਵੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਜਿੱਥੇ ਸਵੇਰ ਤੋਂ ਹੀ ਵੱਡੀ ਗਿਣਤੀ ਸੰਗਤਾਂ ਤਖਤ ਸਾਹਿਬ ਤੇ ਹੋਰਨਾਂ ਗੁਰਦੁਆਰਾ ਸਾਹਿਬਾਨ ਚ ਨਤਮਸਤਕ ਹੋਈਆਂ ਉੱਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਮੌਕੇ ਧਾਰਮਿਕ ਸਮਾਗਮ ਵੀ ਕਰਵਾਏ ਗਏ। ਸਭ ਤੋਂ ਪਹਿਲਾਂ ਤਖਤ ਸਾਹਿਬ ਦੇ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਪਿਛਲੇ ਤਿੰਨ ਦਿਨਾਂ ਤੋਂ ਪ੍ਰਕਾਸ਼ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਅਰਦਾਸ ਕੀਤੀ ਜਦੋਂਕਿ ਤਖਤ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਗੁਰੂ ਗ੍ਰੰਥ ਸਾਹਿਬ ਵਿੱਚੋਂ ਪਵਿੱਤਰ ਵਾਕ ਲੈਣ ਉਪਰੰਤ ਤਖਤ ਸਾਹਿਬ ਦੇ ਕਥਾਵਾਚਕ ਗਿਆਨੀ ਜਗਤਾਰ ਸਿੰਘ ਕੀਰਤਪੁਰੀ ਨੇ ਸੰਗਤਾਂ ਨੂੰ ਸਰਵੰਸਦਾਨੀ ਦਸਮੇਸ਼ ਪਿਤਾ ਦੇ ਸਮੁੱਚੇ ਇਤਿਹਾਸ ਤੋਂ ਜਾਣੂੰ ਕਰਵਾਇਆ। ਇਸ ਮੌਕੇ ਮੂਲ ਮੰਤਰ ਤੇ ਗੁਰਮੰਤਰ ਦਾ ਸਿਮਰਨ ਵੀ ਕਰਵਾਇਆ ਗਿਆ। ਉੱਧਰ ਸਮਾਗਮ ਉਪਰੰਤ ਗੱਲਬਾਤ ਦੌਰਾਨ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਦੱਸਿਆ ਕਿ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਦੀ ਅਗਵਾਈ ਹੇਠ ਕਰਵਾਏ ਤਿੰਨ ਰੋਜ਼ਾ ਗੁਰਮਤਿ ਸਮਾਗਮਾਂ ਦੌਰਾਨ ਜਿੱਥੇ ਪ੍ਰਚਾਰਕ ਸਿੰਘਾਂ ਵੱਲੋਂ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਦੇ ਲੜ ਲੱਗਣ ਦੀ ਅਪੀਲ ਕੀਤੀ ਗਈ ਉੱਥੇ ਢਾਡੀ ਸਿੰਘਾਂ ਨੇ ਵੀਰ ਰਸ ਵਾਰਾਂ ਨਾਲ ਸੰਗਤਾਂ ਨੂੰ ਗੁਰਇਤਿਹਾਸ ਤੋਂ ਜਾਣੂੰ ਕਰਵਾਇਆ। ਗੁਰਮਤਿ ਸਮਾਗਮਾਂ ਚ ਤਖਤ ਸਾਹਿਬ ਦੇ ਮੀਤ ਮੈਨੇਜ਼ਰ ਭਾਈ ਗੁਰਸੇਵਕ ਸਿੰਘ ਕਿੰਗਰਾ, ਮਨਦੀਪ ਸਿੰਘ ਮਾਖਾ ਤੇ ਗੁਰਚਰਨ ਸਿੰਘ ਜੀਦਾ, ਵਧੀਕ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ, ਕਥਾਵਾਚਕ ਗਿਆਨੀ ਆਲਮ ਸਿੰਘ, ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ ਦੇ ਪ੍ਰਿੰਸੀਪਲ ਭਾਈ ਰਵਿੰਦਰ ਸਿੰਘ ਖਾਲਸਾ, ਭਾਈ ਗਿਆਨ ਸਿੰਘ ਮੁੱਖ ਸੇਵਾਦਾਰ ਗੁ:ਮੰਜੀ ਸਾਹਿਬ (ਪਾ:9ਵੀਂ), ਭਾਈ ਬਲਜੀਤ ਸਿੰਘ ਗੁ:ਜੰਡਸਰ ਸਾਹਿਬ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਰਣਜੀਤ ਸਿੰਘ ਮਲਕਾਣਾ, ਸ਼ਹੀਦ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਤਲਵੰਡੀ ਸਾਬੋ ਦੇ ਨੁਮਾਇੰਦਿਆਂ ਨੇ ਹਾਜ਼ਰੀ ਭਰੀ।

### ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ

# ਚੌਥਾ ਨਾਹਰਾ - ਏ- ਦਸਤਾਰ ਮੁਕਾਬਲਾ ਸੇਟ ਸੋਲਜਰ ਸਕੂਲ ਵਿਖੇ ਕਰਵਾਇਆ ਗਿਆ





**ਜੰਡਿਆਲਾ ਗੁਰੂ, 27 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਛੋਟੇ ਸਾਹਿਬਜ਼ਾਦਿਆਂ ਅਤੇ ਵੱਡੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ19 ਦਸੰਬਰ ਤੋਂ ਲੈ ਕੇ 23 ਦਸੰਬਰ ਤੱਕ ਅਸੈਂਬਲੀ ਵਿੱਚ ਵਿਸ਼ੇਸ਼ ਵੈਰਾਗਮਈ ਸਮਾਗਮ ਰੱਖਿਆ ਗਿਆ। ਇਸ ਸਮਾਗਮ ਵਿੱਚ ਬੱਚਿਆਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ ਅਤੇ ਮੈਨੇਜਿੰਗ ਡਾਇਰੈਕਟਰ ਡਾ .ਮੰਗਲ ਸਿੰਘ ਕਿਸ਼ਨਪੁਰੀ ਜੀ ਵੱਲੋਂ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਸ਼ਹੀਦੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ ।ਇਸੇ ਤਹਿਤ ਬੱਚਿਆਂ ਨੂੰ ਸਾਕਾ ਸਰਹੰਦ ਨਾਟਕ ਵੀ ਦਿਖਾਇਆ ਗਿਆ। ਉਪਰੰਤ 23 ਦਸੰਬਰ ਨੂੰ ਚੌਥਾ ਨਾਅਰਾ – ਏ ਦਸਤਾਰ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਬੱਚਿਆਂ ਦੇ ਦਸਤਾਰ ਸਜਾਉਣ ਦੇ ਮੁਕਾਬਲੇ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ ।ਇਸ ਮੁਕਾਬਲੇ ਵਿੱਚ ਵੱਖ ਵੱਖ ਸਕੂਲਾਂ ਤੋਂ ਆਏ ਲਗਭਗ 200 ਬੱਚਿਆਂ ਨੇ ਭਾਗ ਲਿਆ। ਇਹਨਾਂ ਮੁਕਾਬਲਿਆਂ ਨੂੰ ਵੱਖ ਵੱਖ ਕੈਟੇਗਰੀ ਵਿੱਚ ਵੰਡਿਆ ਗਿਆ। ਪਹਿਲੀ ਜਮਾਤ ਤੋਂ ਪੰਜਵੀਂ ਜਮਾਤ ਤੱਕ ਪ੍ਰਾਇਮਰੀ ਵਰਗ, ਛੇਵੀਂ ਤੋਂ ਅੱਠਵੀਂ ਜਮਾਤ ਤੱਕ ਮਿਡਲ ਵਰਗ, ਨੌਵੀਂ ਤੋਂ ਦਸਵੀਂ ਜਮਾਤ ਤੱਕ ਸੀਨੀਅਰ ਵਰਗ,ਅਤੇ ਗਿਆਰਵੀਂ ਤੋਂ ਬਾਰਵੀਂ ਜਮਾਤ ਤੱਕ ਸੀਨੀਅਰ ਸੈਕੰਡਰੀ ਵਰਗ ਵਿੱਚ ਰੱਖਿਆ ਗਿਆ। ਦੁਮਾਲਾ ਸਜਾਉਣ ਦੇ ਮੁਕਾਬਲਿਆਂ ਵਿੱਚ ਪ੍ਰਭ ਸਿਮਰਨ ਕੌਰ ਨੇ ਪਹਿਲਾ ਇਨਾਮ, ਅਰਮਾਨ ਸਿੰਘ ਨੇ ਦੂਸਰਾ ਇਨਾਮ, ਅਕਾਲਪ੍ਰੀਤ ਕੌਰ ਨੇ ਤੀਸਰਾ ਇਨਾਮ ਅਤੇ ਰਾਜਦੀਪ ਸਿੰਘ ਨੇ ਹੌਸਲਾ ਵਧਾਓ ਇਹਨਾਂ ਪ੍ਰਾਪਤ ਕੀਤਾ। ਇਸੇ ਤਰ੍ਹਾਂ ਪ੍ਰਾਈਮਰੀ ਵਰਗ ਦੇ ਦੇ ਦਸਤਾਰ ਸਜਾਉਣ ਮੁਕਾਬਲਿਆਂ ਵਿੱਚ ਵਿੱਚ ਸਾਹਿਬ ਦੀਪ ਸਿੰਘ ਨੇ ਪਹਿਲਾ ਇਨਾਮ, ਸਮਰਪ੍ਰੀਤ ਸਿੰਘ ਸਿੰਘ ਨੇ ਦੂਸਰਾ ਇਨਾਮ, ਬਲਰਾਜ ਸਿੰਘ ਨੇ ਤੀਸਰਾ ਇਨਾਮ ਏਕਮਨੂਰ ਸਿੰਘ ਨੇ ਹੌਸਲਾ ਵਧਾਓ ਇਨਾਮ ਪ੍ਰਾਪਤ ਕੀਤਾ।

ਮਿਡਲ ਵਰਗ ਦੇ ਮੁਕਾਬਲਿਆਂ ਵਿੱਚ ਜਸ਼ਨਪ੍ਰੀਤ ਸਿੰਘ ਨੇ ਪਹਿਲਾ ਇਨਾਮ ,ਪ੍ਰਭ ਨੂਰ ਸਿੰਘ ਨੇ ਦੂਸਰਾ ਇਨਾਮ, ਮਨੂ ਵੀਰ ਸਿੰਘ ਨੇ ਤੀਸਰਾ ਇਨਾਮ ਅਤੇ ਸਮਰ ਪ੍ਰਤਾਪ ਸਿੰਘ ਨੇ ਹੌਸਲਾ ਵਧਾਊ ਇਨਾਮ ਹਾਸਿਲ ਕੀਤਾ। ਸੀਨੀਅਰ ਵਰਗ ਦੇ ਮੁਕਾਬਲਿਆਂ ਵਿੱਚ ਗੁਰਸ਼ਾਨ ਸਿੰਘ ਨੇ ਪਹਿਲਾ ਇਨਾਮ ,ਅਭੀ ਜੋਤ ਸਿੰਘ ਨੇ ਦੂਸਰਾ ਇਨਾਮ, ਸੁਖਮਨਦੀਪ ਸਿੰਘ ਨੇ ਤੀਸਰਾ ਇਨਾਮ ਅਤੇ ਇਸ਼ਮੀਤ ਸਿੰਘ ਨੇ ਹੌਸਲਾ ਵਧਾਓ ਇਨਾਮ ਹਾਸਿਲ ਕੀਤਾ। ਸੀਨੀਅਰ ਸੈਕੈਂਡਰੀ ਵਰਗ ਦੇ ਮੁਕਾਬਲਿਆਂ ਵਿੱਚ ਨਵਜੋਤ ਸਿੰਘ ਨੇ ਪਹਿਲਾ ਇਨਾਮ, ਰਿਪਨਦੀਪ ਸਿੰਘ ਨੇ ਦੂਸਰਾ ਇਨਾਮ, ਈਸ਼ਮੀਤ ਸਿੰਘ ਨੇ ਤੀਸਰਾ ਇਨਾਮ,ਅਤੇ ਅਨੰਤ ਵੀਰ ਸਿੰਘ ਨੇ ਹੌਸਲਾ ਵਧਾਊ ਇਨਾਮ ਹਾਸਿਲ ਕੀਤਾ। ਇਸ ਮੌਕੇ ਤੇ ਸ .ਅਮਰਜੀਤ ਸਿੰਘ ਜੀ ਬੰਡਾਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਉਚੇਚੇ ਤੌਰ ਤੇ ਪਹੁੰਚੇ। ਉਨਾਂ ਨੇ ਬੱਚਿਆਂ ਨੂੰ ਗੁਰਬਾਣੀ ਅਤੇ ਗੁਰ ਇਤਿਹਾਸ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ।ਇਹਨਾਂ ਮੁਕਾਬਲਿਆਂ ਵਿੱਚ ਜੱਜਮੈਂਟ ਦੀ ਭੂਮਿਕਾ ਸ. ਵਰਿੰਦਰ ਸਿੰਘ ਅਤੇ ਸ. ਕਰਮਜੀਤ ਸਿੰਘ ਜੀ ਨੇ ਬਖੂਬੀ ਨਿਭਾਈ। ਇਸ ਤੋਂ ਇਲਾਵਾ ਇਸ ਪ੍ਰੋਗਰਾਮ ਨੂੰ ਚੜ੍ਹਦੀ ਕਲਾ ਵਿੱਚ ਨੇਪਰੇ ਚਾੜਨ ਲਈ ਸ .ਸਿਮਰਤ ਪਾਲ ਸਿੰਘ ਬੇਦੀ ਜੀ ਨੇ ਆਪਣੀ ਅਹਿਮ ਭੂਮਿਕਾ ਨਿਭਾਈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਅਤੇ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਮੋਮੈਂਟੋ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਐਮਡੀ ਸਰ ਨੇ ਕਿਹਾ ਕਿ ਕਿ ਇਹ ਮੁਕਾਬਲੇ ਕਰਾਉਣ ਦਾ ਮੁੱਖ ਮਕਸਦ ਸਾਡੀ ਅੱਜ ਦੀ ਪੀੜੀ ਨੂੰ ਆਪਣੇ ਧਰਮ ਅਤੇ ਵਿਰਸੇ ਨਾਲ ਜੋੜਨ ਦਾ ਹੈ। ਕਿਤੇ ਅਜਿਹਾ ਨਾ ਹੋਵੇ ਕਿ ਸਾਡੀ ਪੀੜੀ ਉੜਾ ਅਤੇ ਜੂੜਾ ਦੇ ਮਤਲਬ ਨੂੰ ਹੀ ਭੁੱਲ ਜਾਵੇ। ਉਹਨਾਂ ਨੇ ਇਸ ਮੌਕੇ ਤੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਇਤਿਹਾਸ ਤੇ ਵੀ ਚਾਨਣਾ ਪਾਇਆ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਸ਼ਿਲਪਾ ਸ਼ਰਮਾ ਕੁਆਡੀਨੇਟਰ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਅਤੇ ਬੱਚੇ ਹਾਜਰ ਸਨ।

> **ਮੁਕਾਬਲੇ ਕਰਾਉਣ ਦਾ ਮੁੱਖ ਮਕਸਦ ਅੱਜ ਦੀ ਪੀੜ੍ਹੀ ਨੂੰ ਆਪਣੇ ਧਰਮ ਵਿਰਸੇ ਨਾਲ ਜੋੜਨਾ ਸਾਡੀ ਪੀੜੀ ਊੜੇ ਤੇ ਜੂੜੇ ਦਾ ਮਤਲਬ ਨਾ ਭੁੱਲ ਜਾਵੇ-ਐਮ ਡੀ**

## ਸਹੀਦੀ ਦਿਹਾੜਿਆਂ ਤੋਂ ਕੌਮ ਨੂੰ ਪ੍ਰੇਰਨਾ ਲੈਣ ਦੀ ਲੋੜ ਹੈ : ਜਸਵੰਤ ਸਿੰਘ ਹਰਪੁਰਾ ਯੂਐਸਏ

ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ ) ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਦੀ ਲਾਸਾਨੀ ਕੁਰਬਾਨੀ ਤੋਂ ਕੌਮ ਨੂੰ ਸੇਧ ਲੈਣ ਦੀ ਅਪੀਲ ਕਰਦਿਆ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ ਯੂਐਸਏ ਨੇ ਕਿਹਾ ਕਿ ਸਹੀਦੀ ਦਿਹਾੜੇ ਕੌਮ ਲਈ ਪ੍ਰੇਨਾ ਸ੍ਰੋਤ ਹਨ ਜਿਸ ਸਬੰਧੀ ਸਾਨੂੰ ਸਾਡੇ ਗੁਰੂਆ ਦੀ ਲਾਸਾਨੀ ਕੁਰਬਾਨੀ ਨੂੰ ਹਮੇਸਾਂ ਯਾਦ ਰੱਖਣਾ ਚਾਹੀਦਾ ਹੈ ।ਉਨ੍ਹਾਂ ਕਿਹਾ ਕਿ ਕੌਮ ਦੀ ਖਾਤਿਰ ਆਪਣਾ ਸਾਰਾ ਪਰਿਵਾਰ ਕੁਰਬਾਨ ਕਰਨ ਵਾਲੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਤੇ ਛੋਟੇ ਸਾਹਿਬਜਾਦਿਆਂ ਦੇ ਸਹਾਦਤ ਦਿਹਾੜੇ ਜੋ ਕਿ 20 ਤੋ 27 ਦਸੰਬਰ ਤੱਕ ਚੱਲ ਰਹੇ ਹਨ ਉਨਾ ਵਿੱਚ ਸਿੰਘ ਸੰਗਤਾਂ ਵੱਲੋ ਫਤਿਹਗੜ ਸਮੇਤ ਵੱਖ ਵੱਖ ਅਸਥਾਨਾ ਤੇ ਨਤਮਸਤਕ ਹੋ ਕੇ ਜੋ ਅਥਾਹ ਸਰਧਾ ਭਾਵਨਾ ਦਾ ਪ੍ਰਗਟਾਵਾ ਕੀਤਾ ਹੈ ਉਹ ਸਵਾਗਤਯੋਗ ਹੈ ।ਉਨਾ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਸਮੁੱਚਾ ਹੱਸਦਾ ਵਸਦਾ ਪਰਿਵਾਰ ਕੌਮ ਤੇ ਦੱਬੇ ਕੁਚਲੇ ਲੋਕਾ ਦੇ ਹੱਕਾਂ ਲਈ ਲੜਦਾ ਸਹਾਦਤ ਦਾ ਜਾਮ ਪੀ ਗਿਆ ਤੇ ਅਸੀ ਘਰਾਂ ਵਿੱਚ ਜਸਨ ਨਾਚ ਕਰਕੇ ਗੁਰੂਆਂ ਦੇ ਦਰਸਾਹੇ ਮਾਰਗ ਤੋਂ ਭਟਕ ਰਹੇ ਹਾਂ ।ਉਨਾ ਕਿਹਾ ਕਿ ਇੰਨਾ ਸਹੀਦੀ ਦਿਹਾੜਿਆਂ ਮੌਕੇ ਸਾਨੂੰ ਰੋਜਾਨਾ ਸਾਮ ਸਵੇਰੇ ਪਵਿੱਤਰ ਬਾਣੀ ਦਾ ਜਾਪ ਕਰਨਾ ਚਾਹੀਦਾ ਹੈ ਤੇ ਆਪਣੇ ਬੱਚਿਆਂ ਨੂੰ ਵੀ ਸਰਬੰਸਦਾਨੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਦੀ ਸਹਾਦਤ ਤੋ ਜਾਣੂ ਕਰਵਾਉਣਾ ਚਾਹੀਦਾ ਹੈ।



## ਬਾਬਾ ਮੋਤੀ ਰਾਮ ਮਹਿਰਾ ਜੀ ਨੂੰ ਦੁੱਧ ਦੀ ਕੀਮਤ ਬਦਲੇ ਉਨਾਂ ਦੇ ਪਰਿਵਾਰ ਨੂੰ ਕੋਹਲੂ 'ਚ ਪੀੜ੍ਹ ਦਿੱਤਾ ਗਿਆ : ਮਨਜੀਤ ਸਿੰਘ ਪ੍ਰਧਾਨ

**ਜੰਡਿਆਲਾ ਗੁਰੂ, 27 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਵਿਸਵ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਵੱਲੋਂ ਸਰਬੰਸ ਦਾਨੀ ਦਸਮੇਸ਼ ਪਿਤਾ ਸਾਹਿਬੇ ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਲਖਤੇ ਜਿਗਰ ਧੰਨ ਧੰਨ ਸਾਹਿਬਜਾਦਾ ਬਾਬਾ ਅਜੀਤ ਸਿੰਘ ਜੀ ਸਾਹਿਬਜਾਦਾ ਬਾਬਾ ਜੋਰਾਵਰ ਸਿੰਘ ਜੀ ਸਾਹਿਬਜਾਦਾ ਬਾਬਾ ਫਤਹਿ ਸਿੰਘ ਜੀ , ਸਾਹਿਬਜਾਦਾ ਬਾਬਾ ਜੁਝਾਰ ਸਿੰਘ ਜੀ, ਅਤੇ ਮਾਤਾ ਗੁਜਰ ਕੌਰ ਜੀ ਅਤੇ ਪੋਹ ਮਹੀਨੇ ਚ ਬੇਅੰਤ ਸਿੰਘ ਸਿੰਘਣੀਆਂ ਜਿਨਾਂ ਨੇ ਮੁਗਲ ਹਕੂਮਤ ਨਾਲ ਲੋਹਾ ਲੈਂਦਿਆਂ ਹੋਇਆ ਜੰਗ ਦੇ ਮੈਦਾਨ ਵਿੱਚ ਸ਼ਹੀਦੀ ਪ੍ਰਾਪਤ ਕੀਤੀ । ਉਹਨਾਂ ਸਭਨਾਂ ਦੀ ਯਾਦ ਵਿੱਚ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਸਰਹੰਦ ਫਤਿਹਗੜ੍ਹ ਸਾਹਿਬ ਵਿਖੇ ਚਮਕੌਰ ਸਾਹਿਬ ਵਿਖੇ ਸ਼ਹੀਦੀ ਜੋੜ ਮੇਲੇ ਤੇ ਪਹੁੰਚ ਕਿ ਆਪਣੀਆਂ ਹਾਜਰੀਆ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਲਗਵਾਈਆਂ ਜਾ ਰਹੀਆਂ ਹਨ । ਅਤੇ ਇੰਨਾ ਜੋੜ ਮੇਲਿਆਂ ਵਿੱਚ ਸੰਗਤ ਦੇ ਆਉਣ ਜਾਣ ਵਾਲਿਆਂ ਰਸਤਿਆਂ ਚ ਆਪਣੀ ਕਿਰਤ ਕਮਾਈ ਨੂੰ ਸਫਲ ਬਣਾਉਣ ਲਈ ਲੰਗਰ ਲਗਾਏ ਗਏ ਜਿਸ ਵਿੱਚ ਬੀਤੇ ਦਿਨ ਜਲੰਧਰ ਜੀ ਟੀ ਰੋਡ ਜੰਡਿਆਲਾ ਗੁਰੂ ਰਣਜੀਤ ਹਸਪਤਾਲ ਦੇ ਨਜਦੀਕ ਸੋਨੂੰ ਆਟਾ ਚੱਕੀ ਦੇ ਸਾਹਮਣੇ ਬਾਬਾ ਮੋਤੀ ਰਾਮ ਮਹਿਰਾ ਜੀ ਨੂੰ ਯਾਦ ਕਰਦਿਆ ਦੁੱਧ ਤੇ ਲੰਗਰ ਲਗਾਏ ਗਏ ਇਸ ਮੌਕੇ ਮਨਜੀਤ ਸਿੰਘ ਪ੍ਰਧਾਨ ਗੁਨੋਵਾਲ ਨੇ ਦੱਸਿਆ ਕਿ ਸਿੱਖ ਕੌਮ ਲਈ ਇਹ ਸਹੀਦੀ ਦਿਹਾੜੇ ਬਹੁਤ ਵੱਡੀ ਅਹਿਮੀਅਤ ਰੱਖਦੇ ਹਨ ਇਨਾਂ ਸ਼ਹੀਦੀ ਦਿਹਾੜਿਆਂ ਚ ਨਿੱਕੀਆਂ ਜਿੰਦਾਂ ਵੱਡੇ ਸਾਕੇ ਕਰ ਗਈਆਂ ਜਿਨਾਂ ਦੀ ਸਹਾਦਤ ਰਹਿੰਦੀਆਂ ਦੁਨੀਆਂ ਤੱਕ ਯਾਦ ਰਹੇਗੀ ਸਾਨੂੰ ਉਨਾਂ ਸਹੀਦ ਬਾਬਿਆਂ ਦੀ ਯਾਦ ਵਿੱਚ ਕੁੱਝ ਪਲ ਆਪਣੀ ਜਿੰਦਗੀ ਦੇ ਜਰੂਰ ਦੇਣੇ ਚਾਹੀਦੇ ਹਨ , ਇਸ ਮੌਕੇ ਸਰੂਪ ਸਿੰਘ ਸੈਕਟਰੀ, ਇੰਦਰਬੀਰ ਸਿੰਘ ਅਤੇ ਇਲਾਕੇ ਦੀਆ ਸੰਗਤਾ ਨੇ ਦੁੱਧ ਦੇ ਲੰਗਰ ਲਗਾ ਕਿ ਬਾਬਾ ਮੋਤੀ ਰਾਮ ਮਹਿਰਾ ਜੀ ਨੂੰ ਵੀ ਯਾਦ ਕੀਤਾ ! ਕਿਉਂਕਿ ਬਾਬਾ ਮੋਤੀ ਰਾਮ ਮਹਿਰਾ ਜੀ ਨੇ ਠੰਡੇ ਬੁਰਜ ਵਿੱਚ ਸਾਹਿਜਾਦਿਆਂ ਤੇ ਮਾਤਾ ਗੁਜਰ ਕੌਰ ਜੀ ਨੂੰ ਗਰਮ ਦੁੱਧ ਪਿਆਇਆ ਪਰ ਉਸ ਦੁੱਧ ਦੀ ਕੀਮਤ ਬਦਲੇ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਪਰਿਵਾਰ ਨੂੰ ਕੋਹਲੂ ਵਿੱਚ ਪੀੜ੍ਹ ਦਿੱਤਾ ਗਿਆ !



## ਬਾਬਾ ਫਤਿਹ ਸਿੰਘ ਅਤੇ ਬਾਬਾ ਜੋਰਾਵਰ ਸਿੰਘ ਦੀ ਸ਼ਹਾਦਤ ਨੂੰ ਸਮਰਪਿਤ 'ਵੀਰ ਬਾਲ ਦਿਵਸ' ਮਨਾਉਣਾ ਮੋਦੀ ਸਰਕਾਰ ਦਾ ਵੱਡਾ ਉਪਰਾਲਾ : ਦਿਓਲ

ਧੂਰੀ ( ਰਣਜੀਤ ਸਿੰਘ ਪੇਧਨੀ ) ਧੰਨ ਧੰਨ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਵੀਰ ਬਾਲ ਦਿਵਸ ਧਾਰਮਿਕ ਸਮਾਗਮ ਦਾ ਆਯੋਜਨ ਕੌਮੀ ਪੱਧਰ ਤੇ ਕਰਵਾਉਣਾ ਮੋਦੀ ਸਰਕਾਰ ਦਾ ਸ਼ਲਘਾਯੋਗ ਉਪਰਾਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਧੂਰੀ ਤੋਂ ਹਲਕਾ ਇੰਚਾਰਜ ਰਣਦੀਪ ਸਿੰਘ ਦਿਓਲ ਨੇ ਕੀਤਾ। ਉਹਨਾਂ ਕਿਹਾ ਕਿ ਵੀਰ ਬਾਲ ਦਿਵਸ ਨੂੰ ਸਮਰਪਿਤ ਇਹ ਧਾਰਮਿਕ ਸਮਾਗਮ ਹਰ ਸਾਲ 26 ਦਸੰਬਰ ਨੂੰ ਕੌਮੀ ਪੱਧਰ ਤੇ ਕਰਵਾਇਆ ਜਾਂਦਾ ਹੈ। ਅੱਜ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਵੀਰ ਬਾਲ ਦਿਵਸ ਮੌਕੇ ਆਪਣੇ ਹਾਜਰੀ ਲਗਵਾਈ ਅਤੇ ਗੁਰੂ ਸਾਹਿਬ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਪ੍ਰਣਾਮ ਕੀਤਾ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਵੱਲੋਂ ਕੌਮ ਦੇ ਮਹਾਨ ਸ਼ਹੀਦਾਂ ਨੂੰ ਯਾਦ ਕਰਨਾ ਅਤੇ ਉਹਨਾਂ ਨੂੰ ਸਮਰਪਿਤ ਕੌਮੀ ਪੱਧਰ ਤੇ ਸਮਾਗਮ ਕਰਵਾਉਣੇ ਸਾਹਿਬਜ਼ਾਦਿਆਂ ਨੂੰ ਸੱਚੀ ਸ਼ਰਧਾਂਜਲੀ ਹੈ। ਉਹਨਾਂ ਨੇ ਕਿਹਾ ਕਿ ਇਸ ਸਮਾਗਮ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਹਜ਼ਾਰਾਂ ਬੱਚਿਆਂ ਨੂੰ ਸੰਬੋਧਨ ਕਰਦਿਆਂ ਛੋਟੇ ਸਾਹਿਬਜ਼ਾਦਿਆ ਦੀ ਲਾਸਾਨੀ ਸ਼ਹਾਦਤ ਅਤੇ ਉਹਨਾਂ ਦੀ ਦਲੇਰੀ ਅਤੇ ਧਰਮ ਪ੍ਰਤੀ ਸਮਰਪਿਤ ਭਾਵਨਾ ਨੂੰ ਉਜਾਗਰ ਕੀਤਾ ਅਤੇ ਦੱਸਿਆ ਕਿ ਸਾਨੂੰ ਉਹਨਾਂ ਦੇ ਦਰਸਾਏ ਮਾਰਗ ਤੇ ਚਲਦਿਆਂ ਹੋਇਆ ਆਪਣੇ ਧਰਮ ਵਿੱਚ ਪਰਪੱਕ ਰਹਿਣਾ ਚਾਹੀਦਾ ਹੈ। ਉਹਨਾਂ ਨੇ ਕਿਹਾ ਕਿ ਵੀਰ ਬਾਲ ਦਿਵਸ ਛੋਟੇ ਸਾਹਿਬਜ਼ਾਦਿਆਂ ਨੂੰ ਸਮਰਪਿਤ ਸਮਾਗਮ ਹੈ ਜਿਸ ਵਿੱਚ ਉਹਨਾਂ ਦੀ ਅਦੁੱਤੀ ਸ਼ਹਾਦਤ ਦੀਆਂ ਵੀਰ ਗਾਥਾਵਾਂ ਸਾਰੀ ਦੁਨੀਆ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ।

## ਬਾਬੇ ਮੋਤੀ ਰਾਮ ਮਹਿਰੇ ਦੀ ਸ਼ਹਾਦਤ ਨੂੰ ਸਮਰਪਿਤ ਦੁੱਧ ਦਾ ਲੰਗਰ ਲਗਾਇਆ



**ਚੌਕ ਮਹਿਤਾ, 27ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ )**--ਸਰਬੰਸਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਲਖਤੇ ਜਿਗਰ, ਬਾਬਾ ਅਜੀਤ ਸਿੰਘ ਜੀ, ਬਾਬਾ ਜੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਅਤੇ ਬਾਬਾ ਮੋਤੀ ਰਾਮ ਮਹਿਰਾ ਜੀ ਦੀ ਤੇ ਹੋਰ ਸਿੰਘ, ਸਿੰਘਣੀਆਂ ਜਿਨਾਂ ਨੇ ਜੰਗ ਦੇ ਮੈਦਾਨ ਵਿੱਚ ਸ਼ਹੀਦੀ ਪ੍ਰਾਪਤ ਕੀਤੀ। ਉਹਨਾਂ ਸਭਨਾਂ ਦੀ ਯਾਦ ਵਿੱਚ ਵੱਡੇ ਪੱਧਰ ਤੇ ਸਰਹੰਦ ਫਤਿਹਗੜ੍ਹ ਸਾਹਿਬ ਚਮਕੌਰ ਸਾਹਿਬ ਵਿਖੇ ਸ਼ਹੀਦੀ ਜੋੜ ਮੇਲੇ ਮਨਾਏ ਜਾ ਰਹੇ ਹਨ ਅਤੇ ਇੰਨਾਂ ਜੋੜ ਮੇਲਿਆਂ ਵਿੱਚ ਸੰਗਤ ਦੇ ਆਉਣ ਜਾਣ ਵਾਸਤੇ ਰਸਤਿਆਂ ਵਿੱਚ ਵੱਖ ਵੱਖ ਤਰ੍ਹਾਂ ਦੇ ਲੰਗਰ ਆਪਣੀ ਨੇਕ ਕਮਾਈ ਵਿੱਚੋਂ ਲੋਕ ਸੰਗਤਾ ਵਾਸਤੇ ਲਗਾ ਕੇ ਆਪਣਾ ਜੀਵਨ ਸਫਲਾ ਕਰ ਰਹੇ ਹਨ। ਇਸੇ ਹੀ ਤਰ੍ਹਾਂ ਪਿੰਡ ਢੱਡੇ ਵਿਖੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੱਪੂ ਕਰਿਆਨਾ ਸਟੋਰ ਅਤੇ ਮਾਸਟਰ ਬਲਰਾਜ ਸਿੰਘ ਨੇ ਆਪਣੇ ਸਾਥੀਆਂ ਨਾਲ ਦੁੱਧ ਦਾ ਲੰਗਰ ਲਗਾਇਆ, ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਉੱਗੇ ਸਮਾਜ ਸੇਵੀ ਲਖਵਿੰਦਰ ਸਿੰਘ ਸਾਬਕਾ ਪੁਲਿਸ ਇੰਸਪੈਕਟਰ ਨੇ ਮਾਸਟਰ ਬਲਰਾਜ ਸਿੰਘ ਅਤੇ ਪੱਪੂ ਕਰਿਆਨਾ ਸਟੋਰ ਨੂੰ ਸਿਰੋਪੇ ਨਾਲ ਸਨਮਾਨਤ ਵੀ ਕੀਤਾ।



# ਜੇ ਨਾ ਅਉਂਦੇ ਗੁਰੂ ਗੋਬਿੰਦ ਸਿੰਘ

## ਹਿੰਦ ਵਿਰਾਨ ਹੋਣਾ ਸੀ, ਨਹੀਂ ਤਾਂ ਸਾਰਾ ਹਿੰਦੋਸਤਾਨ ਮੁਸਲਮਾਨ ਹੋਣਾ ਸੀ

ਗੁਰੂ ਗੋਬਿੰਦ ਸਿੰਘ ਦੇ ਉਪਕਾਰ
ਦਿਤੇ ਪਿਤਾ ਹਿੰਦ ਤੋ ਵਾਰ,ਤੇਗ
ਬਹਾਦਰ ਦੀ ਕੁਰਬਾਨੀ ਨੌਵੇ
ਸਤਿਗੁਰ ਦੀ ਕੁਰਬਾਨੀ ਰਹਿ
ਗਏ ਬੋਦੀ ਤਿਲਕ ਨਿਸ਼ਾਨੀ
ਨਹੀ ਤਾਂ ਵਿੱਚ ਮੰਦਰਾ ਦੇ
ਪੜਿਆ ਜਾਂਦਾ ਕੁਰਾਨ ਹੋਣਾ ਸੀ
ਨਹੀ ਤਾਂ ਸਾਰਾ ਹਿੰਦੋਸਤਾਨ
ਮੁਸਲਮਾਨ ਹੋਣਾ ਸੀ।



ਗੁਰੂ ਪਿਆਰੀ ਸਾਧ ਸੰਗਤ ਜੀਓ,

**ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਲੋਕਾਈ ਨੂੰ ਕੋਟਿਨ-ਕੋਟਿ ਮੁਬਾਰਕਾਂ ਦਿੰਦੇ ਹਾਂ।**

ਖ਼ਾਲਸਾ ਪੰਥ ਦੀ ਸਿਰਜਣਾ ਕਰਕੇ ਦੁਨੀਆਂ ਵਿੱਚ ਹੱਕ-ਸੱਚ ਤੇ ਇਨਸਾਨੀਅਤ ਪਹਿਰਾ ਦੇਣ ਵਾਲੇ ਸਿੱਖ ਧਰਮ ਦੇ ਦਸਵੇਂ ਮਹਾਨ ਗੁਰੂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਉਤਸਵ ਦੀ ਵਧਾਈ ਦਿੰਦੇ ਹਾਂ।

--✶ ਗੁਰੂ ਪੰਥ ਦਾ ਸੇਵਾਦਾਰ ✶--



## ਭਾਈ ਇਕਬਾਲ ਸਿੰਘ ਤੁੰਗ

### ਪੱਤਰਕਾਰ ਆਵਾਜਿ ਕੌਮ (ਯੂ ਕੇ)

### ਅੰਮ੍ਰਿਤਸਰ ਸਾਹਿਬ

ਆਵਾਜ਼ਿ ਕੌਮ AWAZE QAUM

ਤਖ਼ਤ ਪਟਨਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ

# 359ਵਾਂ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ ਗਿਆ











**ਨਵੀਂ ਦਿੱਲੀ, 27 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):** ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ 359ਵੇਂ ਪ੍ਰਕਾਸ਼ ਪੁਰਬ ਨੂੰ ਤਖ਼ਤ ਪਟਨਾ ਸਾਹਿਬ ਕਮੇਟੀ, ਬਿਹਾਰ ਸਰਕਾਰ ਅਤੇ ਸਾਧ ਸੰਗਤ ਵੱਲੋਂ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ, ਰਾਜਪਾਲ ਆਰਿਫ਼ ਮੁਹੰਮਦ ਖਾਨ ਸਮੇਤ ਅਨੇਕ ਸਨਮਾਨਿਤ ਸ਼ਖ਼ਸੀਅਤਾਂ ਨੇ ਹਾਜ਼ਰੀ ਭਰ ਕੇ ਗੁਰੂ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਉਨ੍ਹਾਂ ਨੂੰ ਸਿਰੋਪਾ, ਕਿਰਪਾਨ ਅਤੇ ਯਾਦਗਾਰ ਚਿੰਨ੍ਹ ਭੇਟ ਕੀਤਾ ਗਿਆ। ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਵੱਲੋਂ ਤਖ਼ਤ ਸਾਹਿਬ ਦੀ ਮੈਗਜ਼ੀਨ 'ਗੋਬਿੰਦ ਪ੍ਰਕਾਸ਼' ਅਤੇ ਰਾਜਪਾਲ ਆਰਿਫ਼ ਮੁਹੰਮਦ ਖਾਨ ਵੱਲੋਂ ਕੈਲੰਡਰ ਅਤੇ ਸਿੱਖ ਜੰਤਰੀ ਦਾ ਵਿਮੋਚਨ ਕੀਤਾ ਗਿਆ। ਇਸ ਮੌਕੇ 'ਤੇ ਪ੍ਰਧਾਨ ਜਗਜੋਤ ਸਿੰਘ ਸੋਹੀ, ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਪ੍ਰਧਾਨ ਲਖਵਿੰਦਰ ਸਿੰਘ, ਸਕੱਤਰ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ, ਮੈਂਬਰ ਮਹਿੰਦਰਪਾਲ ਸਿੰਘ ਢਿੱਲੋਂ, ਹਰਪਾਲ ਸਿੰਘ ਜੋਹਲ, ਜਸਬੀਰ ਸਿੰਘ ਧਾਮ ਅਤੇ ਮੀਡੀਆ ਪ੍ਰਭਾਰੀ ਸੁਦੀਪ ਸਿੰਘ ਹਾਜ਼ਰ ਰਹੇ। ਸ. ਜਗਜੋਤ ਸਿੰਘ ਸੋਹੀ ਅਤੇ ਸ. ਇੰਦਰਜੀਤ ਸਿੰਘ ਨੇ ਦੱਸਿਆ ਕਿ 25 ਤੋਂ 27 ਦਸੰਬਰ ਤੱਕ ਪ੍ਰਕਾਸ਼ ਪੁਰਬ ਮਨਾਏ ਗਏ, ਜਿਸ ਦੌਰਾਨ ਪ੍ਰਭਾਤ ਫੇਰੀ, ਨਗਰ ਕੀਰਤਨ, ਗੁਰਮਤਿ ਸਮਾਗਮ ਆਦਿ ਕਰਵਾਏ ਗਏ, ਜਿਨ੍ਹਾਂ ਵਿੱਚ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਪਹੁੰਚ ਕੇ ਹਿੱਸਾ ਲਿਆ। ਬੀਤੇ 15 ਤਾਰੀਖ ਨੂੰ ਪ੍ਰਭਾਤ ਫੇਰੀ ਨਾਲ ਪ੍ਰਕਾਸ਼ ਪੁਰਬ ਦੀ ਸ਼ੁਰੂਆਤ ਹੋਈ ਸੀ ਅਤੇ ਅੱਜ ਪ੍ਰਕਾਸ਼ ਪੁਰਬ ਵੱਡੇ ਉਤਸ਼ਾਹ ਨਾਲ ਮਨਾਇਆ ਗਿਆ। ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਬਿਹਾਰ ਸਰਕਾਰ ਦੇ ਸਹਿਯੋਗ ਨਾਲ ਸੰਗਤ ਲਈ ਰਹਾਇਸ਼, ਟ੍ਰਾਂਸਪੋਰਟ, ਲੰਗਰ, ਸੁਰੱਖਿਆ ਆਦਿ ਦੇ ਪੱਕੇ ਪ੍ਰਬੰਧ ਕੀਤੇ ਗਏ ਸਨ। ਉਨ੍ਹਾਂ ਨੇ ਦੱਸਿਆ ਕਿ ਅੱਜ ਦੇ ਮੁੱਖ ਸਮਾਗਮ ਵਿੱਚ ਮੁੱਖ ਮੰਤਰੀ ਨਿਤੀਸ਼ ਕੁਮਾਰ ਪਹੁੰਚੇ। ਇਸ ਤੋਂ ਪਹਿਲਾਂ ਰਾਜਪਾਲ ਆਰਿਫ਼ ਮੁਹੰਮਦ ਖਾਨ ਨੇ ਪਹੁੰਚ ਕੇ ਗੁਰੂ ਮਹਾਰਾਜ ਦਾ ਆਸ਼ੀਰਵਾਦ ਲਿਆ। ਉਨ੍ਹਾਂ ਵੱਲੋਂ ਮੰਗਲ ਤਾਲਾਬ ਵਿੱਚ 10 ਹਜ਼ਾਰ ਗਜ਼ ਜ਼ਮੀਨ ਐਮਆਰਆਈ ਅਤੇ ਸੀਟੀ ਸਕੈਨ ਸੈਂਟਰ ਲਈ ਦਿੱਤੀ ਗਈ ਹੈ, ਜਿਸ 'ਤੇ ਮੁੰਬਈ ਨਿਵਾਸੀ ਗੁਰਿੰਦਰ ਸਿੰਘ ਬਾਵਾ ਦੇ ਸਹਿਯੋਗ ਨਾਲ ਐਮਆਰਆਈ ਅਤੇ ਸੀਟੀ ਸਕੈਨ ਸੈਂਟਰ ਖੋਲ੍ਹਿਆ ਜਾਵੇਗਾ, ਜਿੱਥੇ ਬਾਜ਼ਾਰ ਨਾਲੋਂ ਕਾਫ਼ੀ ਘੱਟ ਦਰਾਂ 'ਤੇ ਇਹ ਸੁਵਿਧਾਵਾਂ ਉਪਲਬਧ ਕਰਵਾਈਆਂ ਜਾਣਗੀਆਂ। ਇਸ ਦੇ ਨਾਲ ਦੂਜੇ ਚਰਨ ਵਿੱਚ ਕੈਂਸਰ ਨਿਰੋਧਕ ਸੈਂਟਰ ਵੀ ਖੋਲ੍ਹਿਆ ਜਾਵੇਗਾ। ਇਸ ਕਾਰਜ ਦਾ ਪੂਰਾ ਸੇਹਰਾ ਗੁਰਿੰਦਰ ਸਿੰਘ ਬਾਵਾ ਨੂੰ ਜਾਂਦਾ ਹੈ, ਜਿਨ੍ਹਾਂ ਦੀ ਅਥਕ ਮਿਹਨਤ ਨਾਲ ਹੀ ਇਹ ਕਾਰਜ ਸੰਭਵ ਹੋ ਰਿਹਾ ਹੈ।

**ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਅਤੇ ਰਾਜਪਾਲ ਆਰਿਫ਼ ਮੁਹੰਮਦ ਖਾਨ ਨੇ ਹਾਜ਼ਰੀ ਭਰੀ**

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਜਲਾਲ ਵਿਖੇ ਨਗਰ ਕੀਰਤਨ ਦਾ ਸ਼ਰਧਾ ਪੂਰਵਕ ਸਵਾਗਤ

**ਚੌਕ ਮਹਿਤਾ :27 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੰਡ ਜਲਾਲ ਦੀ ਸੰਗਤ ਵੱਲੋਂ ਦਮਦਮੀ ਟਕਸਾਲ ਮਹਿਤਾ ਦੀ ਅਗਵਾਈ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਦਿਹਾੜੇ ਨੂੰ ਸਮਰਪਿਤ ਸਜਾਏ ਗਏ ਮਹਾਨ ਨਗਰ ਕੀਰਤਨ ਦਾ ਸ਼ਰਧਾ ਪੂਰਵਕ ਸਵਾਗਤ ਕੀਤਾ ਗਿਆ। ਇਸ ਮੌਕੇ ਸਮਾਜ਼ ਸੇਵਕ ਮਾਸਟਰ ਗੁਰਪ੍ਰੀਤ ਸਿੰਘ ਜਲਾਲ, ਸਰਪੰਚ ਗੁਰਵੇਲ ਸਿੰਘ ਅਤੇ ਮਾਸਟਰ ਸੁਖਦੇਵ ਸਿੰਘ ਜਲਾਲ ਨੇ ਦੱਸਿਆ ਕਿ ਪੂਰੇ ਨਗਰ ਦੇ ਸਹਿਯੋਗ ਨਾਲ ਪ੍ਰਬੰਧਕਾਂ ਵੱਲੋਂ ਸੰਗਤ ਲਈ ਲੰਗਰ ਅਤੇ ਪਾਣੀ ਦੀ ਸੇਵਾ ਕੀਤੀ ਗਈ ਹੈ। ਇਸ ਦੌਰਾਨ ਵੱਡੀ ਗਿਣਤੀ ਵਿਚ ਬਜ਼ੁਰਗਾਂ, ਨੌਜਵਾਨਾਂ, ਮਾਤਾਵਾਂ, ਭੈਣਾਂ ਅਤੇ ਬੱਚਿਆਂ ਨੇ ਪਾਲਕੀ ਸਾਹਿਬ ਦੇ ਦਰਸ਼ਨ ਕਰਕੇ ਫੁੱਲਾਂ ਦੀ ਵਰਖਾ ਅਤੇ ਫਲ ਫਰੂਟ ਦੀ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਅਤੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਗਿਆਨੀ ਸਾਹਿਬ ਸਿੰਘ, ਪਿਰੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਜਥੇਦਾਰ ਬਾਬਾ ਬੋਹੜ ਸਿੰਘ, ਭਾਈ ਪ੍ਰਕਾਸ਼ ਸਿੰਘ ਸਰਪੰਚ ਕਸ਼ਮੀਰ ਸਿੰਘ ਕਾਲਾ ਆਦਿ ਸਿੰਘਾਂ ਨੇ ਪ੍ਰਬੰਧਕਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV

# ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਦੁੱਧ ਦੇ ਲੰਗਰ ਲਗਾਏ ਗਏ



**ਜੰਡਿਆਲਾ ਗੁਰੂ 27 ਦਸੰਬਰ (ਕੁਲਵੰਤ ਸਿੰਘ ਵਿਰਦੀ )**-ਸਾਹਿਬ,ਏ ਕਮਾਲ , ਸਰਬੰਸਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਲਖਤੇ ਜਿਗਰ, ਬਾਬਾ ਅਜੀਤ ਸਿੰਘ ਜੀ ਬਾਬਾ ਜੋਰਾਵਰ ਸਿੰਘ ਜੀ ਬਾਬਾ ਫਤਹਿ ਸਿੰਘ ਜੀ ,ਬਾਬਾ ਜੁਝਾਰ ਸਿੰਘ ਜੀ, ਅਤੇ ਮਾਤਾ ਗੁਜਰ ਕੌਰ ਜੀ ਅਤੇ ਹੋਰ ਸਿੰਘ ਸਿੰਘਣੀਆਂ ਜਿਨਾਂ ਨੇ ਜੰਗ ਦੇ ਮੈਦਾਨ ਵਿੱਚ ਸ਼ਹੀਦੀ ਪ੍ਰਾਪਤ ਕੀਤੀ। ਉਹਨਾਂ ਸਭਨਾਂ ਦੀ ਯਾਦ ਵਿੱਚ ਵੱਡੇ ਪੱਧਰ ਤੇ ਸਰਹੰਦ ਫਤਿਹਗੜ੍ਹ ਸਾਹਿਬ ਚਮਕੌਰ ਸਾਹਿਬ ਵਿਖੇ ਸ਼ਹੀਦੀ ਜੋੜ ਮੇਲੇ ਮਨਾਏ ਜਾ ਰਹੇ ਹਨ।। ਅਤੇ ਇੰਨਾ ਜੋੜ ਮੇਲਿਆਂ ਵਿੱਚ ਸੰਗਤ ਦੇ ਆਉਣ ਜਾਣ ਵਾਸਤੇ ਰਸਤੇ ਵਿੱਚ ਲੰਗਰ ਆਪਣੀ ਨੇਕ ਕਮਾਈ ਵਿੱਚੋਂ ਲੋਕ ਸੰਗਤਾ ਵਾਸਤੇ ਗਲੀ ਮੁਹੱਲਿਆ ਕਸਬਿਆਂ, ਕਲੋਨੀਆਂ ਸ਼ਹਿਰਾਂ ਸੰਗਤਾਂ ਵਾਸਤੇ ਤਰ੍ਹਾਂ ਤਰ੍ਹਾਂ ਦੇ ਲੰਗਰ ਲਗਾ ਕੇ ਆਪਣਾ ਜੀਵਨ ਸਫਲਾ ਕਰ ਰਹੇ ਹਨ। ਇਸੇ ਹੀ ਤਰ੍ਹਾਂ ਸ਼ਹੀਦ ਸਿੰਘਾਂ ਸਿੰਘਣੀਆਂ ਦੇ ਸਲਾਨਾ ਜੋੜ ਮੇਲੇ ਨੂੰ ਸਮਰਪਿਤ ਅੰਮ੍ਰਿਤਸਰ ਵਿਖੇ ਖੂਹ ਭਾਈ ਮੰਝ ਜੀ, ਦੇ ਨਜ਼ਦੀਕ ਮਾਤਾ ਗੰਗਾ ਜੀ ਨਗਰ ਵਿਖੇ ਲੇਖਕ ਵਰਿੰਦਰ ਸਿੰਘ ਰਾਜ ਅਤੇ ਸਰਬਜੀਤ ਸਿੰਘ ਵੱਲੋਂ ਅਤੇ ਆਪਣੇ ਸਾਥੀਆਂ ਵੱਲੋਂ ਬੀਤੇ ਦਿਨ ਦੁੱਧ ਦਾ ਲੰਗਰ ਲਗਾਇਆ ਗਿਆ। ਅਤੇ ਆਉਣ ਜਾਣ ਵਾਲੀ ਸੰਗਤ ਖਾਸ ਕਰ ਛੋਟੇ ਬੱਚਿਆਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ ਮਾਤਾ ਗੁਜਰ ਕੌਰ ਜੀ ਦੀ ਸ਼ਹੀਦੀ ਬਾਰੇ ਜਾਣਕਾਰੀ। ਤੇ ਛੋਟੇ ਬੱਚਿਆਂ ਕੋਲੋਂ ਸਿੱਖ ਇਤਿਹਾਸ ਬਾਰੇ ਜਾਣਕਾਰੀ ਵੀ ਪੁੱਛੀ ਗਈ ਅਤੇ ਉਨਾਂ ਨੂੰ ਸਿੱਖ ਇਤਿਹਾਸ ਬਾਰੇ ਜਾਣਕਾਰੀ ਦੇ ਕੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਤੋਂ ਜਾਣੂ ਕਰਵਾਇਆ ਗਿਆ।। ਇਸ ਮੌਕੇ ਉਹਨਾਂ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਸਾਨੂੰ ਸਿੱਖ ਇਤਿਹਾਸ ਬਾਰੇ ਜਾਗਰੂਕ ਹੋਣਾ ਅਤੇ ਦੂਜਿਆਂ ਨੂੰ ਜਾਗਰਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ।। ਇਸ ਮੌਕੇ ਤੇ ਉਨਾਂ ਦੇ ਨਾਲ ਸਰਬਜੀਤ ਸਿੰਘ ਹਰਜਿੰਦਰ ਸਿੰਘ ਮਨਜੋਤ ਸਿੰਘ ਹਰਮਨਦੀਪ ਸਿੰਘ ਅਤੇ ਹੋਰ ਇਲਾਕੇ ਦੀਆਂ ਸੰਗਤਾਂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਵੱਲੋਂ 1 ਜਨਵਰੀ ਤੋਂ 10 ਲੱਖ ਦੇ ਇਲਾਜ ਦੀ ਸਹੂਲਤ ਦੇਣਾ ਸਲਾਘਾਯੋਗ ਕਦਮ ਢਿੱਲੋਂ ਅਤੇ ਘੁੱਲੀ

**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਦੇ ਮਕਸਦ ਨਾਲ ਇੱਕ ਇਤਿਹਾਸਕ ਫੈਸਲਾ ਲਿਆ ਗਿਆ ਹੈ। ਪੰਜਾਬ ਸਰਕਾਰ ਵੱਲੋਂ ਜਨਵਰੀ ਮਹੀਨੇ ਤੋਂ ਮੁੱਖ ਮੰਤਰੀ ਸਿਹਤ ਕੀਮਾ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਉਣ ਦੀ ਸਹੂਲਤ ਸ਼ੁਰੂ ਕੀਤੀ ਜਾ ਰਹੀ ਹੈ। ਇਨਾ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਅਤੇ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ ਉਨਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਕੀਤੇ ਹੋਏ ਵਾਅਦਿਆਂ ਨੂੰ ਪੂਰਾ ਕਰ ਰਹੀ ਹੈ। ਹੁਣ ਸਰਕਾਰ ਨੇ ਲੋਕਾਂ ਨੂੰ ਫਾਇਦਾ ਦੇਣ ਲਈ 10 ਲੱਖ ਰੁਪਏ ਸੇਹਤ ਕਾਰਡ ਬਣਾਉਣ ਜਾ ਰਹੀ ਹੈ। ਇਸ ਨਾਲ ਹੁਣ ਗਰੀਬ ਅਤੇ ਮੱਧ ਵਰਗੀ ਪਰਿਵਾਰ ਵੱਡੀਆਂ ਅਤੇ ਨਾਮੁਰਾਦ ਬਿਮਾਰੀਆਂ ਦਾ ਇਲਾਜ ਵੀ ਬਿਨਾਂ ਕਿਸੇ ਆਰਥਿਕ ਤੰਗੀ ਦੇ ਮੁਫ਼ਤ ਕਰਵਾ ਸਕਣਗੇ। ਇਹ ਨਵੀਂ ਸਹੂਲਤ ਜਨਵਰੀ ਮਹੀਨੇ ਤੋਂ ਪੂਰੇ ਪੰਜਾਬ ਵਿੱਚ ਲਾਗੂ ਹੋ ਜਾਵੇਗੀ। ਉਨਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੋਲ੍ਹੇ ਗਏ ਆਮ ਆਦਮੀ ਕਲੀਨਿਕ' ਪਹਿਲਾਂ ਹੀ ਸਫਲਤਾਪੂਰਵਕ ਚੱਲ ਰਹੇ ਹਨ ਅਤੇ ਹੁਣ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਇਹ ਸਹੂਲਤ ਸਿਹਤ ਕ੍ਰਾਂਤੀ ਵਿੱਚ ਇੱਕ ਹੋਰ ਵੱਡਾ ਕਦਮ ਸਾਬਤ ਹੋਵੇਗੀ। ਉਨ੍ਹਾਂ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਰਕਾਰੀ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ।



ਆਵਾਜ਼ਿ ਕੌਮ AWAZE QAUM International Newspaper & WEB TV

# ਭਿੱਖੀਵਿੰਡ ਪੁਲਿਸ ਵੱਲੋਂ ਵੱਖ-ਵੱਖ ਥਾਵਾਂ ਤੋਂ 767 ਗ੍ਰਾਮ ਆਈਸ, 21 ਗ੍ਰਾਮ ਹੈਰੋਇਨ, 2760 ਰੁਪਏ ਡਰੱਗ ਮਨੀ 'ਤੇ 2 ਡ੍ਰੋਨਾਂ ਸਮੇਤ ਤਿੰਨ ਤਸਕਰ ਗ੍ਰਿਫ਼ਤਾਰ

**ਭਿੱਖੀਵਿੰਡ, 27 ਦਸੰਬਰ (ਆਵਾਜ਼ਿ ਕੌਮ ਬਿਊਰੋ)** – "ਯੁੱਧ ਨਸ਼ੇ ਵਿਰੁੱਧ" ਮੁਹਿੰਮ ਤਹਿਤ ਸਬ ਡਿਵੀਜ਼ਨ ਭਿੱਖੀਵਿੰਡ ਪੁਲਿਸ ਵੱਲੋਂ ਗਸ਼ਤ ਦੌਰਾਨ ਵੱਖ-ਵੱਖ ਥਾਵਾਂ ਤੋਂ ਤਿੰਨ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ 767 ਗ੍ਰਾਮ ਆਈਸ, 21 ਗ੍ਰਾਮ ਹੈਰੋਇਨ 'ਤੇ 2760 ਰੁਪਏ ਡਰੱਗ ਮਨੀ ਸਮੇਤ 2 ਡ੍ਰੋਨ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ। ਉਕਤ ਮਾਮਲਿਆਂ 'ਚ ਪੁਲਿਸ ਨੇ ਸਬੰਧਤ ਥਾਣਿਆਂ 'ਚ ਮੁਕੱਦਮੇ ਦਰਜ਼ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਡੀ.ਐਸ.ਪੀ. ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਦੱਸਿਆ ਚੌਂਕੀ ਇੰਚਾਰਜ ਸੁਰਸਿੰਘ ਕੁਲਵਿੰਦਰਪਾਲ ਨੇ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਪੂਹਲਾ ਗੇਟ ਦੇ ਨੇੜਿਓਂ ਤਸਕਰ ਰਿੰਕੂ ਪੁੱਤਰ ਰਾਮਚੰਦ ਵਾਸੀ ਨੇੜੇ ਚਰਚ ਬਲੇਰ ਰੋਡ ਭਿੱਖੀਵਿੰਡ ਨੂੰ ਗ੍ਰਿਫ਼ਤਾਰ ਕੀਤਾ ਹੈ। ਤਲਾਸ਼ੀ ਲੈਣ 'ਤੇ ਉਕਤ ਕੋਲੋਂ 7 ਗ੍ਰਾਮ ਹੈਰੋਇਨ ਅਤੇ 1300 ਰੁਪਏ ਡਰੱਗ ਮਨੀ ਬਰਾਮਦ ਹੋਏ ਹਨ। ਉਕਤ ਖਿਲਾਫ਼ 21-ਬੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਥਾਣਾ ਭਿੱਖੀਵਿੰਡ ਵਿਖੇ ਕੇਸ ਦਰਜ਼ ਕੀਤਾ ਗਿਆ ਹੈ। ਇਸੇ ਤਰ੍ਹਾਂ ਏ.ਐਸ.ਆਈ. ਜਸਵੰਤ ਸਿੰਘ ਨੇ ਸੂਚਨਾ ਦੇ ਤਹਿਤ ਗ੍ਰੈਂਡ ਕੈਸਲ ਪੈਲਸ ਖੇਮਕਰਨ ਰੋਡ ਭਿੱਖੀਵਿੰਡ ਦੇ ਕੋਲੋਂ ਇੱਕ ਟੁੱਟਿਆ ਹੋਇਆ ਡ੍ਰੋਨ ਬਰਾਮਦ ਕੀਤਾ ਹੈ। ਮਾਮਲੇ 'ਚ ਅਣਪਛਾਤੇ ਵਿਅਕਤੀ ਖਿਲਾਫ਼ ਥਾਣਾ ਭਿੱਖੀਵਿੰਡ ਵਿਖੇ ਕੇਸ ਦਰਜ਼ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ। ਦੂਸਰੇ ਪਾਸੇ ਸਬ ਇੰਸਪੈਕਟਰ ਸਾਹਿਬ ਸਿੰਘ ਸਾਥੀ ਮੁਲਾਜ਼ਮਾਂ ਸਮੇਤ ਗਸ਼ਤ ਕਰਦੇ ਹੋਏ ਖਾਲੜਾ ਤੋਂ ਸਰਹੱਦੀ ਪਿੰਡ ਡੱਲ ਨੂੰ ਜਾ ਰਹੇ ਸਨ। ਇਸ ਦੌਰਾਨ ਤਕਨੀਕੀ ਸੂਚਨਾ ਮਿਲੀ ਕਿ ਪਾਕਿ ਵੱਲੋਂ ਸਰਹੱਦੀ ਖੇਤਰ 'ਚ ਡ੍ਰੋਪਿੰਗ ਹੋਈ ਹੈ। ਜਿਸ 'ਤੇ ਜਾਂਚ ਅਧਿਕਾਰੀ ਨੇ 24 ਬਟਾਲੀਅਨ ਬੀ.ਐਸ.ਐਫ. ਦੇ ਜਵਾਨਾਂ ਨਾਲ ਸਾਂਝਾ ਸਰਚ ਅਭਿਆਨ ਚਲਾਇਆ, ਸਰਚ ਦੌਰਾਨ ਗੁਰਸੇਵਕ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਡੱਲ ਦੇ ਖੇਤ ਚੋਂ ਇੱਕ ਪੀਲੇ ਰੰਗ ਦਾ ਪੈਕਟ ਬਰਾਮਦ ਕੀਤਾ ਗਿਆ। ਪੈਕਟ ਨੂੰ ਖੋਲ ਕੇ ਉਸਦਾ ਵਜ਼ਨ ਕੀਤਾ ਤਾਂ 767 ਗ੍ਰਾਮ ਆਈਸ ਅਤੇ 49 ਗ੍ਰਾਮ ਪੈਕਿੰਗ ਮਟੀਰਿਅਲ ਬਰਾਮਦ ਹੋਇਆ ਹੈ। ਮਾਮਲੇ 'ਚ ਥਾਣਾ ਖਾਲੜਾ ਵਿਖੇ ਅਣਪਛਾਤੇ ਵਿਅਕਤੀ ਖਿਲਾਫ਼ ਮੁਕੱਦਮਾ ਦਰਜ਼ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

### ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਚਾਰ ਸਾਹਿਬਜ਼ਾਦੇ ਐਮਆਰਆਈ ਅਤੇ

# ਸੀਟੀ ਸਕੈਨ ਸੈਂਟਰ ਦੀ ਇਮਾਰਤ ਦਾ ਨੀਂਹ ਪੱਥਰ ਬਿਹਾਰ ਦੇ ਰਾਜਪਾਲ ਵੱਲੋਂ ਰੱਖਿਆ ਗਿਆ



ਨਵੀਂ ਦਿੱਲੀ, 27 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਮੁੰਬਈ ਨਿਵਾਸੀ ਗੁਰਿੰਦਰ ਸਿੰਘ ਬਾਵਾ ਦੇ ਸਹਿਯੋਗ ਨਾਲ ਪਟਨਾ ਸਾਹਿਬ ਦੇ ਮੰਗਲ ਤਲਾਬ ਸਥਿਤ ਮਾਤਾ-ਸ਼ਿਸ਼ੂ ਸੇਵਾ ਕਲਿਆਣ ਕੇਂਦਰ ਵਿੱਚ ਚਾਰ ਸਾਹਿਬਜ਼ਾਦੇ ਐਮਆਰਆਈ ਅਤੇ ਸੀਟੀ ਸਕੈਨ ਸੈਂਟਰ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਸੈਂਟਰ ਲਈ ਜ਼ਮੀਨ ਬਿਹਾਰ ਦੇ ਰਾਜਪਾਲ ਆਰਿਫ਼ ਮੁਹੰਮਦ ਖ਼ਾਨ ਵੱਲੋਂ ਦਿੱਤੀ ਗਈ ਅਤੇ ਅੱਜ ਉਹ ਖੁਦ ਮੌਜੂਦ ਹੋ ਕੇ ਸੈਂਟਰ ਦਾ ਨੀਂਹ ਪੱਥਰ ਵੀ ਰੱਖਿਆ । ਇਸ ਮੌਕੇ 'ਤੇ ਰਾਜਪਾਲ ਦੇ ਨਾਲ ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ-ਪ੍ਰਧਾਨ ਲਖਵਿੰਦਰ ਸਿੰਘ, ਉਪ-ਪ੍ਰਧਾਨ ਗੁਰਵਿੰਦਰ ਸਿੰਘ ਅਤੇ ਜਸਬੀਰ ਸਿੰਘ ਧਾਮ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਸੈਂਟਰ ਦੇ ਕੰਮ ਦਾ ਸ਼ੁਰੂਆਤ ਕੀਤੀ। ਕਾਰ ਸੇਵਾ ਬਾਬਾ ਕਸ਼ਮੀਰਾ ਸਿੰਘ ਭੌਰੀ ਵਾਲੀ ਸੰਪਰਦਾ ਦੇ ਬਾਬਾ ਗੁਰਵਿੰਦਰ ਸਿੰਘ ਨੇ ਇਮਾਰਤ ਦੀ ਕਾਰ ਸੇਵਾ ਦੀ ਜ਼ਿੰਮੇਵਾਰੀ ਲਈ ਅਤੇ ਇੱਕ ਸਾਲ ਦੇ ਅੰਦਰ ਇਸਨੂੰ ਤਿਆਰ ਕਰਨ ਦੀ ਗੱਲ ਕਹੀ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਅਤੇ ਮਹਾਸਚਿਵ ਇੰਦਰਜੀਤ ਸਿੰਘ ਨੇ ਕਿਹਾ ਕਿ ਮੁੰਬਈ ਨਿਵਾਸੀ ਗੁਰਿੰਦਰ ਸਿੰਘ ਬਾਵਾ ਵੱਲੋਂ ਮੁੰਬਈ ਦੇ ਖ਼ਾਲਸਾ ਕਾਲਜ ਵਿੱਚ ਪਹਿਲਾਂ ਹੀ ਇੱਕ ਸੈਂਟਰ ਚਲਾਇਆ ਜਾ ਰਿਹਾ ਹੈ। ਦੂਜਾ ਸੈਂਟਰ ਜਲਦ ਹੀ ਉਲ੍ਹਾਸਨਗਰ, ਮੁੰਬਈ ਵਿੱਚ ਖੋਲ੍ਹਿਆ ਜਾਣ ਵਾਲਾ ਹੈ। ਇਸੇ ਤਰ੍ਹਾਂ ਪਟਨਾ ਦੇ ਲੋੜਵੰਦ ਲੋਕਾਂ ਦੀ ਸੇਵਾ ਲਈ ਵੀ ਸੈਂਟਰ ਖੋਲ੍ਹਣ ਦੀ ਪਹਿਲ ਕੀਤੀ ਗਈ ਹੈ, ਜਿਸ ਅਧੀਨ ਬਾਜ਼ਾਰ ਨਾਲੋਂ ਕਾਫ਼ੀ ਘੱਟ ਦਰਾਂ 'ਤੇ ਐਮਆਰਆਈ ਅਤੇ ਸੀਟੀ ਸਕੈਨ ਦੀ ਸਹੂਲਤ ਉਪਲਬਧ ਕਰਵਾਈ ਜਾਵੇਗੀ। ਇਸ ਸੈਂਟਰ ਦਾ ਨਾਮ ਚਾਰ ਸਾਹਿਬਜ਼ਾਦਿਆਂ ਦੇ ਨਾਮ 'ਤੇ ਰੱਖਿਆ ਗਿਆ ਹੈ। ਇਸ ਤੋਂ ਪਹਿਲਾਂ ਰਾਜਪਾਲ ਆਰਿਫ਼ ਮੁਹੰਮਦ ਖ਼ਾਨ ਤਖ਼ਤ ਪਟਨਾ ਸਾਹਿਬ ਵਿੱਚ ਨਤਮਸਤਕ ਹੋਏ ਅਤੇ ਕਰੀਬ ਅੱਧਾ ਘੰਟਾ ਗੁਰਬਾਣੀ ਕੀਰਤਨ ਦਾ ਸ਼੍ਰਵਣ ਕੀਤਾ। ਤਖ਼ਤ ਕਮੇਟੀ ਵੱਲੋਂ ਉਨ੍ਹਾਂ ਨੂੰ ਸ਼ਾਲ, ਸਿਰੋਪਾ ਅਤੇ ਸੌਗਾਤੀ ਨਿਸ਼ਾਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਤਖ਼ਤ ਪਟਨਾ ਕਮੇਟੀ ਦੇ ਅਧਿਕਾਰੀਆਂ ਨਾਲ ਮਿਲ ਕੇ ਨਵੇਂ ਸਾਲ ਦੇ ਕੈਲੰਡਰ ਅਤੇ ਜੰਤਰੀ ਦਾ ਵੀ ਵਿਮੋਚਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਸਾਹਿਬਜਾਦਿਆਂ ਦੀ ਸ਼ਹਾਦਤ ਬਾਰੇ ਔਰੰਗਜ਼ੇਬ ਬਾਰੇ ਕੀਤੀਆਂ ਗੱਲਾਂ 'ਤੇ ਭੜਕੇ

# ਮੁਸਲਿਮ ਨੌਜਵਾਨਾਂ ਨੇ ਸਿੱਖ ਨੌਜਵਾਨ 'ਤੇ ਹਮਲਾ ਕਰ ਕੀਤਾ ਗੰਭੀਰ ਜਖ਼ਮੀ

ਨਵੀਂ ਦਿੱਲੀ 27 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਉੱਤਰ ਪ੍ਰਦੇਸ਼ ਦੇ ਬਿਜਨੌਰ ਜ਼ਿਲ੍ਹੇ ਤੋਂ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਇੱਕ ਗੁਰਦੁਆਰੇ ਨੇੜੇ ਹੋਏ ਕਥਿਤ ਹਮਲੇ ਨੇ ਇਲਾਕੇ ਵਿੱਚ ਤਣਾਅ ਵਧਾ ਦਿੱਤਾ ਹੈ। ਦੋਸ਼ ਹੈ ਕਿ ਗੁਰਦੁਆਰੇ ਵਿੱਚ ਔਰੰਗਜ਼ੇਬ ਵਰਗੇ ਇਤਿਹਾਸਕ ਸ਼ਾਸਕਾਂ ਬਾਰੇ ਕੀਤੀਆਂ ਗਈਆਂ ਟਿੱਪਣੀਆਂ 'ਤੇ ਮੁਸਲਿਮ ਨੌਜਵਾਨਾਂ ਦੇ ਇੱਕ ਸਮੂਹ ਨੇ ਇੱਕ ਸਿੱਖ ਨੌਜਵਾਨ ਰਮਨਦੀਪ ਸਿੰਘ 'ਤੇ ਹਮਲਾ ਕਰ ਦਿੱਤਾ ਸੀ। ਹਮਲੇ ਵਿੱਚ ਰਮਨਦੀਪ ਸਿੰਘ ਗੰਭੀਰ ਜ਼ਖਮੀ ਹੋ ਗਿਆ ਤੇ ਓਹਦੀ ਇੱਕ ਅੱਖ ਨੂੰ ਗੰਭੀਰ ਨੁਕਸਾਨ ਪਹੁੰਚਿਆ ਸੀ। ਪੀੜਤ, ਰਮਨਦੀਪ ਸਿੰਘ, ਇਸ ਸਮੇਂ ਏਮਜ਼, ਦਿੱਲੀ ਵਿੱਚ ਇਲਾਜ ਅਧੀਨ ਹੈ। ਪੀੜਤ ਦੇ ਚਾਚਾ ਹਰਵਿੰਦਰ ਸਿੰਘ ਰਿੰਕੂ ਦਾ ਦੋਸ਼ ਹੈ ਕਿ 23 ਤਰੀਕ ਨੂੰ ਨੂਰਪੁਰ ਗੁਰਦੁਆਰੇ ਵਿੱਚ ਸੰਗਤ ਦੌਰਾਨ ਇਤਿਹਾਸਕ ਵਿਸ਼ਿਆਂ 'ਤੇ ਚਰਚਾ ਹੋ ਰਹੀ ਸੀ। ਮੁੰਨਾ ਨਾਮ ਦੇ ਇੱਕ ਰਾਹਗੀਰ ਨੇ ਇਸ 'ਤੇ ਇਤਰਾਜ਼ ਕੀਤਾ। ਪਰਿਵਾਰ ਦਾ ਦਾਅਵਾ ਹੈ ਕਿ ਜਦੋਂ ਰਮਨਦੀਪ ਥੋੜ੍ਹੀ ਦੇਰ ਬਾਅਦ ਬਾਜ਼ਾਰ ਗਿਆ ਤਾਂ ਮੁੰਨਾ ਆਪਣੇ ਦੋਸਤਾਂ ਨਾਲ ਉੱਥੇ ਪਹੁੰਚਿਆ ਅਤੇ ਉਸ 'ਤੇ ਹਮਲਾ ਕੀਤਾ। ਹਮਲਾਵਰਾਂ ਨੇ ਕਥਿਤ ਤੌਰ 'ਤੇ ਡੰਡੇ ਅਤੇ ਰਾਡ ਵਰਗੇ ਹਥਿਆਰ ਰੱਖੇ ਹੋਏ ਸਨ ਅਤੇ ਰਮਨਦੀਪ ਨੂੰ ਬੁਰੀ ਤਰ੍ਹਾਂ ਕੁੱਟਿਆ ਗਿਆ। ਇਸ ਘਟਨਾ ਤੋਂ ਬਾਅਦ

ਨੂਰਪੁਰ ਪੁਲਿਸ ਨੇ ਮਾਮਲਾ ਦਰਜ ਕਰ ਲਿਆ। ਪੁਲਿਸ ਦੇ ਅਨੁਸਾਰ, ਦੋ ਮੁਲਜ਼ਮਾਂ, ਸਾਹਿਲ ਅਤੇ ਇੱਕ ਨਾਬਾਲਗ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ, ਜਦੋਂ ਕਿ ਮੁੱਖ ਮੁਲਜ਼ਮ, ਜ਼ੁਲਫਕਾਰ ਦਾ ਪੁੱਤਰ ਮੁੰਨਾ ਅਤੇ ਇੱਕ ਹੋਰ ਸਾਥੀ ਅਜੇ ਵੀ ਫਰਾਰ ਹਨ। ਪੁਲਿਸ ਫਰਾਰ ਮੁਲਜ਼ਮਾਂ ਦੀ ਭਾਲ ਲਈ ਛਾਪੇਮਾਰੀ ਕਰ ਰਹੀ ਹੈ। ਇਸ ਘਟਨਾ ਤੋਂ ਸਿੱਖ ਭਾਈਚਾਰਾ ਗੁੱਸੇ ਵਿੱਚ ਹੈ । ਸਮਾਜਿਕ ਅਤੇ ਸਥਾਨਕ ਸੰਗਠਨਾਂ ਨੇ ਦੋਸ਼ੀਆਂ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਗ੍ਰਿਫ਼ਤਾਰ ਨਾ ਕੀਤੇ ਜਾਣ 'ਤੇ ਵਿਰੋਧ ਪ੍ਰਦਰਸ਼ਨ ਕਰਨ ਦੀ ਚੇਤਾਵਨੀ ਦਿੱਤੀ ਹੈ। ਇਸ ਦੌਰਾਨ ਭਾਜਪਾ ਖੇਤਰੀ ਮੰਤਰੀ ਹਜਿੰਦਰ ਕੌਰ ਨੇ ਵੀ ਦੋਸ਼ੀਆਂ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਕੀਤੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਹਰ ਵਰਗ ਨੂੰ 10 ਲੱਖ ਦੇ ਇਲਾਜ ਦੀ ਸਹੂਲਤ ਦੇ ਕੇ ਮੁੱਖ ਮੰਤਰੀ ਨੇ ਪੰਜਾਬੀਆਂ ਦਾ ਦਿਲ ਜਿੱਤਿਆ: ਕਾਂਝਲਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਵੱਲੋਂ ਕਰੋੜਾ ਪੰਜਾਬੀਆਂ ਨੂੰ ਨਵੇਂ ਸਾਲ ਦਾ ਨਵਾਂ ਤੋਹਫਾ ਦੇਣ ਜਾ ਰਹੀ ਹੈ। ਪੰਜਾਬ ਸਰਕਾਰ ਦਾ ਇਹ ਫੈਸਲਾ ਬਹੁਤ ਹੀ ਸਲਾਘਾ ਯੋਗ ਫੈਸਲਾ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਬਰ ਜਿਲ੍ਹਾ ਪ੍ਰੀਸ਼ਦ ਜੋਨ ਬਾਲੀਆ ਨੇ ਕੀਤਾ। ਉਨ੍ਹਾਂ ਕਿਹਾ ਕਿ ਜੋ ਵਿਧਾਨ ਸਭਾ ਚੋਣਾਂ ਵੇਲੇ ਪੰਜਾਬੀਆਂ ਨਾਲ ਪੰਜਾਬ ਸਰਕਾਰ ਨੇ ਵਾਅਦੇ ਕੀਤੇ ਸਨ ਉਸ ਵਿੱਚ ਮੈਡੀਕਲ ਸਹੂਲਤਾਂ ਵੀ ਸੀ ਪੰਜਾਬ ਸਰਕਾਰ 1 ਜਨਵਰੀ ਤੋਂ 10 ਲੱਖ ਤੱਕ ਦਾ ਇਲਾਜ ਮੁਫਤ ਹੋਵੇਗਾ। ਇਹ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਇਹ ਸਲਾਘਾਯੋਗ ਕਦਮ ਹੈ ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਸੂਬਾ ਬਣ ਗਿਆ ਹੈ ਜਿੱਥੇ ਹਰ ਵਰਗ ਨੂੰ ਜਿਸ ਤਰ੍ਹਾਂ ਬਿਜਲੀ ਮੁਫ਼ਤ ਮਿਲ ਰਹੀ ਹੈ ਇਸੇ ਤਰ੍ਹਾਂ 10 ਲੱਖ ਦੇ ਬੀਮੇ ਦੀ ਸਹੂਲਤ ਹਰ ਵਿਅਕਤੀ ਨੂੰ ਮਿਲਣ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV





# ਸਰਦਾਰ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੀ, ਮਜੀਠੇ ਹਲਕੇ ਦੀ ਬਦਲੇਗੀ ਨੁਹਾਰ - ਸਰਪੰਚ ਕੁਲਵਿੰਦਰ ਸਿੰਘ ਮਿਠਾ ਚੰਨਣਕੇ ,ਪ੍ਰਿੰਸੀਪਲ ਗੁਰਮੁੱਖ ਸਿੰਘ ਅਰਜਨ ਮਾਂਗਾ

**ਚੌਕ ਮਹਿਤਾ, 18 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਹਲਕਾ ਮਜੀਠਾ ਦੇ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਨੇ ਲਗਭੱਗ ਕਾਫ਼ੀ ਸੜਕਾਂ ਦਾ ਉਦਘਾਟਨ ਕੀਤਾ ਅਤੇ ਇਸ ਮੌਕੇ ਮਹਿਕਮੇ ਅਤੇ ਠੇਕੇਦਾਰਾਂ ਨੂੰ ਆਪਣਾਂ ਕੰਮ ਪੂਰੀ ਇਮਾਨਦਾਰੀ ਨਾਲ ਕਰਨ ਦੀ ਸਲਾਹ ਦਿੱਤੀ ਤਾਂ ਕਿ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਾ ਰਹੇ। ਇਸ ਮੌਕੇ ਪ੍ਰਿੰਸੀਪਲ ਗੁਰਮੁੱਖ ਸਿੰਘ ਅਰਜਨ ਮਾਂਗਾ ਨੇ ਇਲਾਕੇ ਦੀਆਂ ਸਮੂੰਹ ਸੰਗਤਾਂ ਵੱਲੋਂ ਸਰਦਾਰ ਤਲਬੀਰ ਸਿੰਘ ਗਿੱਲ ਦਾ ਹੀ ਨਹੀਂ ਸਗੋ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਮਨੀਸ਼ ਸਿਸੋਦੀਆ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨਾਂ ਨੇ ਹੋਣਹਾਰ , ਅਣਥੱਕ ਅਤੇ ਹਲਕੇ ਦੇ ਹਰਮਨ ਪਿਆਰੇ ਨੌਜਵਾਨ ਨੇਤਾ ਸਰਦਾਰ ਤਲਬੀਰ ਸਿੰਘ ਗਿੱਲ ਨੂੰ ਹਲਕੇ ਮਜੀਠੇ ਦੀ ਅਗਵਾਈ ਸੌਪੀ ਜਿਸ ਤਹਿਤ ਹੀ ਹਲਕੇ ਵਿੱਚ ਵਿਕਾਸ ਦੀ ਹਨੇਰੀ ਚੱਲ ਰਹੀ ਹੈ। ਇਹ ਵਿਚਾਰ ਹਲਕਾ ਮਜੀਠਾ ਦੇ ਸਿਰਕੱਡ ਸਰਪੰਚ ਕੁਲਵਿੰਦਰ ਸਿੰਘ ਮਿਠਾ ਚੰਨਣਕੇ ਪ੍ਰਿੰਸੀਪਲ ਗੁਰਮੁੱਖ ਸਿੰਘ ਅਰਜਨ ਮਾਂਗਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਇਸ ਤੇ ਮੌਕੇ ਰਣਧੀਰ ਸਿੰਘ ਸਾਬਕਾ ਸਰਪੰਚ, ਨਿਸ਼ਾਨ ਸਿੰਘ, ਬਲਜਿੰਦਰ ਸਿੰਘ, ਮਲਕੀਤ ਸਿੰਘ, ਤਰਲੋਚਨ ਸਿੰਘ, ਲਵਪ੍ਰੀਤ ਸਿੰਘ, ਮੈਂਬਰ ਪੰਚਾਇਤ ਨਿਸ਼ਾਨ ਸਿੰਘ , ਗੁਰਦਿਆਲ ਸਿੰਘ, ਸੋਨੀ ਸਿੰਘ, ਜਰਮਨਜੀਤ ਸਿੰਘ, ਕੈਪਟਨ ਬਲਕਾਰ ਸਿੰਘ, ਮਾਸਟਰ ਪਲਵਿੰਦਰ ਸਿੰਘ, ਜਸਬੀਰ ਸਿੰਘ, ਪਰਗਟ ਸਿੰਘ ਸਰਪੰਚ ਸੁਰਜੀਤ ਸਿੰਘ ਭੋਏਵਾਲ, ਮੀਡੀਆ ਇੰਚਾਰਜ ਹਲਕਾ ਮਜੀਠਾ ਦੇ ਨਿਸ਼ਾਨ ਸਿੰਘ ਅਰਜਨ ਮਾਂਗਾ, , ਕਿਰਪਾਲ ਸਿੰਘ, ਤਲਵਿੰਦਰ ਸਿੰਘ ਸਾਧਪੁਰ ,ਮਨਦੀਪ ਸਿੰਘ ਤੰਦੇਲ, ਬਲਬੀਰ ਸਿੰਘ ਬੋਪਾਰਾਏ ਕੁ, ਲਖਵਿੰਦਰ ਸਿੰਘ ਨਾਥ ਦੀ ਖੂਹੀ , ਬਲਜੀਤ ਸਿੰਘ ਸਰਾਂ ਰਵਿੰਦਰ ਸਿੰਘ ਕਲੇਰ, ਸ਼ਿਵਰਾਜ ਸਿੰਘ ਭੀਲੋਵਾਲ, ਸਿਕੰਦਰ ਭੋਏਵਾਲ ਬਲਾਕ ਸੰਮਤੀ, , ਬਲਿਹਾਰ ਸਿੰਘ ਆਦਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਾਜ਼ਰ ਸਨ।





ਆਵਾਜ਼ਿ ਕੌਮ AWAZE QAUM International Newspaper & WEB TV

# ਔਨਲਾਈਨ ਗੇਮਾਂ ਬੱਚਿਆਂ ਦੇ ਭਵਿੱਖ ਨੂੰ ਕਰ ਰਹੀਆਂ ਹਨ ਬਰਬਾਦ - ਪਰਮਜੀਤ ਸਿੰਘ ਪੰਮਾ



ਨਵੀਂ ਦਿੱਲੀ 27 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੇ ਨਿਹਾਲ ਵਿਹਾਰ ਵਿੱਚ ਸਥਿਤ ਬੀਆਰ ਇੰਟਰਨੈਸ਼ਨਲ ਪਬਲਿਕ ਸਕੂਲ ਨੇ ਇੱਕ ਸ਼ਾਨਦਾਰ ਸਾਲਾਨਾ ਤਿਉਹਾਰ ਦੀ ਮੇਜ਼ਬਾਨੀ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਦੀਵੇ ਜਗਾਉਣ ਅਤੇ ਵੰਦਨਾ ਨਾਲ ਹੋਈ। ਇਸ ਮੌਕੇ ਬੱਚਿਆਂ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਪੁੱਤਰਾਂ ਨੂੰ ਯਾਦ ਕੀਤਾ ਅਤੇ ਸ਼ਰਧਾਂਜਲੀ ਦਿੱਤੀ। ਪ੍ਰੋਗਰਾਮ ਵਿੱਚ ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ, ਮਹਿਮਾਨ ਏਸੀਪੀ ਨਰੇਸ਼ ਖੰਕਾ, ਸਾਬਕਾ ਡਿਪਟੀ ਡਾਇਰੈਕਟਰ ਆਫ਼ ਐਜੂਕੇਸ਼ਨ (ਵੈਸਟ ਡਿਸਟ੍ਰਿਕਟ-ਬੀ) ਬੀਬੀ ਦਲਜੀਤ ਕੌਰ, ਅਤੇ ਐਵੋਨਲੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਰਾਜੇਸ਼ ਚੌਹਾਨ ਸਮੇਤ ਕਈ ਹੋਰ ਪਤਵੰਤੇ ਸ਼ਾਮਲ ਹੋਏ। ਸਾਰੇ ਮਹਿਮਾਨਾਂ ਦਾ ਸਵਾਗਤ ਪ੍ਰਿੰਸੀਪਲ ਰੁਪਿੰਦਰ ਕੌਰ ਅਤੇ ਚੇਅਰਪਰਸਨ ਬੀਨਾ ਬਖਸ਼ੀ, ਮੈਨੇਜਰ ਹਰਮਿੰਦਰ ਪਾਲ ਸਿੰਘ ਅਤੇ ਡਾਇਰੈਕਟਰ ਪ੍ਰੀਜੀਤ ਸਿੰਘ ਬਖਸ਼ੀ ਦੁਆਰਾ ਕੀਤੇ ਜਾਣ ਉਪਰੰਤ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੀ ਮੁੱਖ ਗੱਲ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਰੰਗੀਨ ਸੱਭਿਆਚਾਰਕ ਪ੍ਰਦਰਸ਼ਨ ਸਨ। ਬੱਚਿਆਂ ਦੇ ਮਨਮੋਹਕ ਨਾਚਾਂ ਅਤੇ ਵਿਸ਼ੇਸ਼ ਪੇਸ਼ਕਾਰੀਆਂ ਨੇ ਦਰਸ਼ਕਾਂ ਨੂੰ ਮੋਹਿਤ ਕਰ ਦਿੱਤਾ। ਇਸ ਮੌਕੇ ਸਕੂਲ ਨੇ ਹੋਣਹਾਰ ਅਤੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਰਟੀਫਿਕੇਟ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ। ਮੁੱਖ ਮਹਿਮਾਨ ਪਰਮਜੀਤ ਸਿੰਘ ਪੰਮਾ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਕਦਰਾਂ-ਕੀਮਤਾਂ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਔਨਲਾਈਨ ਗੇਮਾਂ ਬੱਚਿਆਂ ਦੇ ਭਵਿੱਖ ਨੂੰ ਬਰਬਾਦ ਕਰ ਰਹੀਆਂ ਹਨ। ਔਨਲਾਈਨ ਗੇਮਾਂ ਖੇਡਣ ਨਾਲ ਬੱਚੇ ਸਰੀਰਕ ਗਤੀਵਿਧੀਆਂ ਤੋਂ ਦੂਰ ਰਹਿ ਰਹੇ ਹਨ, ਜਿਸ ਕਾਰਨ ਉਨ੍ਹਾਂ ਦੀ ਸਰੀਰਕ ਸਿਹਤ ਵਿਗੜ ਰਹੀ ਹੈ। ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਕੁਝ ਵਿਦੇਸ਼ੀ ਤਾਕਤਾਂ ਨਹੀਂ ਚਾਹੁੰਦੀਆਂ ਕਿ ਸਾਡੇ ਦੇਸ਼ ਦੇ ਬੱਚੇ ਤਰੱਕੀ ਕਰਨ ਅਤੇ ਆਪਣੇ ਸੱਭਿਆਚਾਰ ਨਾਲ ਜੁੜਨ। ਪ੍ਰੋਗਰਾਮ ਦਾ ਸਮਾਪਨ ਉਤਸ਼ਾਹੀ ਮਾਹੌਲ ਅਤੇ ਪ੍ਰੇਰਨਾਦਾਇਕ ਸੰਦੇਸ਼ਾਂ ਨਾਲ ਹੋਇਆ। ਸਕੂਲ ਪ੍ਰਬੰਧਨ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਾਰੇ ਮਹਿਮਾਨਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੀ ਅਤਿ ਜ਼ਰੂਰੀ ਮੀਟਿੰਗ 4 ਜਨਵਰੀ ਨੂੰ ਅਤਲਾ ਖੁਰਦ ਵਿਖੇ

ਨਵੀਂ ਦਿੱਲੀ 27 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਨੇ ਪ੍ਰੈਸ ਨੋਟ ਜਾਰੀ ਕਰਦੇ ਕਿਹਾ ਕਿ ਪਿਛਲੇ ਅੱਠ ਸਾਲਾਂ ਤੋਂ ਦਾਸ ਦੇ ਪਰਿਵਾਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਜਨਵਰੀ ਮਹੀਨੇ ਵਿੱਚ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਏ ਜਾਂਦੇ ਹਨ । ਇਸ ਵਾਰ ਵੀ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਵੱਖ ਵੱਖ ਸਮਾਗਮ ਪੰਜਾਬ ਅਤੇ ਹਰਿਆਣਾ, ਰਾਜਸਥਾਨ ਵਿੱਚ ਕਰਵਾਏ ਜਾਣੇ ਹਨ । ਇੰਨ੍ਹਾ ਸਮੂਹ ਪ੍ਰੋਗਰਾਮਾਂ ਦੀ ਰੂਪ ਰੇਖਾ ਉਲੀਕਣ ਲਈ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੀ ਅਤਿ ਜ਼ਰੂਰੀ ਮੀਟਿੰਗ 4 ਜਨਵਰੀ ਦਿਨ ਐਤਵਾਰ ਨੂੰ ਪਿੰਡ ਅਤਲਾ ਖੁਰਦ ਵਿਖੇ ਦਾਸ ਦੇ ਗ੍ਰਹਿ ਵਿਖੇ ਰੱਖੀ ਗਈ ਹੈ। ਇਸ ਲਈ ਸਮੂਹ ਅਹੁਦੇਦਾਰਾਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ 4 ਜਨਵਰੀ ਦਿਨ ਐਤਵਾਰ ਦੁਪਹਿਰ 3 ਵਜੇ ਦਾਸ ਦੇ ਗ੍ਰਹਿ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨੀ ਜਿਸ ਨਾਲ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੇ ਸਮਾਗਮਾਂ ਦੀ ਰੂਪਰੇਖਾ ਉਲੀਕ ਸਕੀਏ।



## ਕੀ ਜਿਸ ਦਿਨ ਸਾਹਿਬਜ਼ਾਦਿਆਂ ਦੀ ਸ਼ਹੀਦੀ ਹੋਈ ਓਸੇ ਦਿਨ ਗੁਰੂ ਗੋਬਿੰਦ ਸਿੰਘ ਸਾਹਿਬ ਦਾ ਪ੍ਰਕਾਸ਼ ਦਿਹਾੜਾ ਵੀ ਸੀ ?-ਕਾਲਕਾ/ਕਾਹਲੋਂ

# ਦੋ-ਦੋ ਸੰਗਰਾਂਦਾ ਤੇ ਦੋ-ਦੋ ਗੁਰਪੁਰਬ ਮਨਾਉਣ ਵਾਲਿਆਂ ਨੇ ਆਪਣੇ ਵੱਲੋਂ ਸੰਗਤ ਵਿਚ ਪੈਦਾ ਕੀਤੀ ਦੁਬਿਧਾ







ਨਵੀਂ ਦਿੱਲੀ, 27 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਬੰਸਦਾਨੀ ਸਾਹਿਬ ਏ ਕਮਾਲ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਅੱਜ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਅਧੀਨ ਵੱਖ-ਵੱਖ ਗੁਰੂ ਘਰਾਂ ਵਿਚ ਗੁਰਮਤਿ ਦੀਵਾਨ ਸਜਾਏ ਗਏ ਤੇ ਮੁੱਖ ਸਮਾਗਮ ਗੁਰਦੁਆਰਾ ਰਕਾਬਗੰਜ ਸਾਹਿਬ ਵਿਚ ਹੋਇਆ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਮਹਾਰਾਜ ਤੋਂ ਵੱਡਾ ਦਾਨੀ ਇਸ ਦੁਨੀਆਂ ਵਿਚ ਹੋਰ ਕੋਈ ਨਹੀਂ ਹੋਇਆ। ਉਹਨਾਂ ਨੇ ਆਪਣੇ ਪਿਤਾ ਸਮੇਤ ਆਪਣਾ ਸਰਬੱਤ ਪਰਿਵਾਰ ਕੌਮ ਵਾਸਤੇ ਵਾਰ ਦਿੱਤਾ ਜਿਸ ਕਾਰਨ ਉਹਨਾਂ ਨੂੰ ਸਰਬੰਸਦਾਨੀ ਆਖਿਆ ਜਾਂਦਾ ਹੈ।

### ਦਿੱਲੀ ਗੁਰਦੁਆਰਾ ਕਮੇਟੀ ਨੇ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ 1699 ਵਿਚ ਵਿਸਾਖੀ ਦੇ ਮੌਕੇ 'ਤੇ ਖਾਲਸਾ ਪੰਥ ਦੀ ਸਾਜਣਾ ਕਰ ਕੇ ਦੁਨੀਆਂ ਨੂੰ ਨਿਆਰਾ ਪੰਥ ਦਿੱਤਾ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਸਭ ਕੁਝ ਵਾਰ ਕੇ ਵੀ ਕੋਈ ਪਛਤਾਵਾ ਨਹੀਂ ਕੀਤਾ ਸਗੋਂ ਖਾਲਸਾ ਪੰਥ ਨੂੰ ਸਰਦਾਰੀਆਂ ਬਖਸ਼ੀਆਂ ਜਿਹਨਾਂ ਦਾ ਕੋਈ ਮੁੱਲ ਨਹੀਂ ਹੈ ਪਰ ਇਸ ਨਿਆਰੇ ਪੰਥ ਨੂੰ ਢਾਹ ਲਾਉਣ ਦੀ ਵਾਰ-ਵਾਰ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਹਮੇਸ਼ਾ ਪੰਥ ਤੇ ਕੌਮ ਦੀ ਚੜ੍ਹਦੀਕਲਾ ਦੀ ਗੱਲ ਕੀਤੀ ਭਾਵੇਂ ਇਸ ਵਾਸਤੇ ਉਹਨਾਂ ਆਪਣੇ ਪਿਤਾ ਤੇ ਆਪਣੇ ਪੁੱਤਰਾਂ ਨੂੰ ਵੀ ਵਾਰ ਦਿੱਤਾ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਜਿਸ ਦਿਨ ਗੁਰੂ ਸਾਹਿਬ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਹੋਈ, ਉਸੇ ਦਿਨ ਉਹਨਾਂ ਦਾ ਪ੍ਰਕਾਸ਼ ਦਿਹਾੜਾ ਵੀ ਸੀ। ਉਹਨਾਂ ਕਿਹਾ ਕਿ ਇਸ ਵਾਰ ਵੀ ਸੰਗਤ ਨੂੰ ਗੁੰਮਰਾਹ ਕਰਨ ਦਾ ਯਤਨ ਕੀਤਾ ਗਿਆ ਤੇ ਕੌਮ ਵਿਚ ਦੁਬਿਧਾ ਪੈਦਾ ਕਰਨ ਦਾ ਯਤਨ ਕੀਤਾ ਗਿਆ। ਉਹਨਾਂ ਕਿਹਾ ਕਿ ਇਸ ਵਾਰ ਵੀ ਦੋ-ਦੋ ਸੰਗਰਾਂਦਾ ਤੇ ਦੋ-ਦੋ ਗੁਰਪੁਰਬ ਮਨਾਉਣ ਵਾਲਿਆਂ ਨੇ ਆਪਣੇ ਵੱਲੋਂ ਸੰਗਤ ਵਿਚ ਦੁਬਿਧਾ ਪੈਦਾ ਕਰਨ ਵਾਸਤੇ ਪੂਰੀ ਵਾਹ ਲਗਾਈ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦਾ ਪ੍ਰਕਾਸ਼ ਦਿਹਾੜਾ ਅੱਜ ਹੈ ਜਿਸ ਦਿਨ ਛੋਟੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਵੀ ਕੌਮ ਮਨਾ ਰਹੀ ਹੈ। ਉਹਨਾਂ ਕਿਹਾ ਕਿ ਜੇਕਰ ਅਸੀਂ ਦੁਬਿਧਾ ਵਿਚ ਪੈ ਗਏ ਤਾਂ ਸਾਨੂੰ ਆਪਣਾ ਇਤਿਹਾਸ ਬਦਲਣਾ ਪਵੇਗਾ ਤੇ ਬਹੁਤ ਕੁਝ ਤਬਦੀਲ ਹੋ ਜਾਵੇਗਾ ਜਿਸਦਾ ਬਹੁਤ ਵੱਡਾ ਨੁਕਸਾਨ ਕੌਮ ਨੂੰ ਹੋ ਸਕਦਾ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਬਹੁਤ ਵੱਡੇ ਉਪਰਾਲੇ ਕੀਤੇ ਹਨ ਜਿਸ ਤਹਿਤ 350 ਸਾਲਾ ਸ਼ਹੀਦੀ ਦਿਹਾੜਾ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਇਸ ਤਰੀਕੇ ਮਨਾਇਆ ਗਿਆ ਕਿ ਲਾਲ ਕਿਲ੍ਹੇ ਦੇ ਮੈਦਾਨ 'ਤੇ ਵੱਡਾ ਇਤਿਹਾਸ ਸਿਰਜਿਆ ਗਿਆ। ਉਹਨਾਂ ਕਿਹਾ ਕਿ ਅਸੀਂ ਫੈਸਲਾ ਲਿਆ ਸੀ ਕਿ ਸਾਰਾ ਸਾਲ ਸਮਾਗਮ ਚੱਲਣਗੇ ਤੇ ਇਹ ਚਲ ਰਹੇ ਹਨ। 'ਵੀਰ ਬਾਲ ਦਿਵਸ' ਦੀ ਗੱਲ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਸਾਹਿਬਜ਼ਾਦਿਆਂ ਦੇ ਇਤਿਹਾਸ ਦੀ ਜਾਣਕਾਰੀ ਦੇਸ਼ ਤੇ ਦੁਨੀਆਂ ਵਿਚ ਪਹੁੰਚਾਉਣ ਦਾ ਹੀਲਾ ਕੇਂਦਰ ਸਰਕਾਰ ਨੇ ਕੀਤਾ ਤੇ ਇਹ ਦਿਨ 'ਵੀਰ ਬਾਲ ਦਿਵਸ' ਦੇ ਰੂਪ ਵਿਚ ਮਨਾਉਣ ਦਾ ਐਲਾਨ ਕੀਤਾ ਗਿਆ। ਉਹਨਾਂ ਕਿਹਾ ਕਿ ਅੱਜ ਜਿਹੜੇ ਲੋਕ ਇਸ ਨਾਮ ਦਾ ਵਿਰੋਧ ਕਰ ਰਹੇ ਹਨ, ਉਹ ਜਦੋਂ ਤੱਕ ਕੇਂਦਰ ਵਿਚ ਸੱਤਾ ਵਿਚ ਭਾਈਵਾਲ ਸਨ ਤਾਂ ਉਦੋਂ ਤੱਕ ਤਾਂ ਕੋਈ ਇਤਰਾਜ਼ ਨਹੀਂ ਸੀ ਪਰ ਜਦੋਂ ਸੱਤਾ ਦੀ ਭਾਈਵਾਲੀ ਖ਼ਤਮ ਹੋ ਗਈ ਤਾਂ ਹੁਣ ਵਿਰੋਧ ਕਰ ਕੇ ਕੌਮ ਵਿਚ ਦੁਬਿਧਾ ਪੈਦਾ ਕੀਤੀ ਜਾ ਰਹੀ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇਤਿਹਾਸ ਬਾਦਲਾਂ ਨੂੰ ਡੋਗਰਿਆਂ ਤੋ ਵੀ ਘਿਨੌਣੇ ਗਦਾਰਾਂ ਵਜੋ ਯਾਦ ਕਰੇਗਾ

## ਬਾਦਲ ਵਿਰੋਧੀ ਅਖੌਤੀ ਪੰਥਕ ਨਾ ਸੰਭਲੇ ਤਾਂ ਉਹ ਵੀ ਇਤਿਹਾਸ ਦੀਆਂ ਲਾਹਨਤਾਂ ਦੇ ਹੱਕਦਾਰ ਬਨਣਗੇ

ਅੱਜ ਕੱਲ ਪੰਜਾਬ ਵਿੱਚ ਇਹ ਪ੍ਰਚਾਰਿਆ ਜਾ ਰਿਹਾ ਕਿ ਸੁਖਬੀਰ ਬਾਦਲ ਦਾ ਸਿੱਖ ਰਾਜਨੀਤੀ ਵਿੱਚ ਦੁਬਾਰਾ ਉਭਾਰ ਹੋ ਰਿਹਾ ਹੈ ।ਇਹ ਗੱਲ ਉਪਰ ਮੇਰੀ ਸੋਚ ਵਰਗੇ ਲੋਕਾਂ ਦਾ ਵਿਸ਼ਵਾਸ ਕਰਨਾ ਬੜਾ ਮੁਸ਼ਕਲ ਹੈ ।ਪਰ ਇਸ ਤੱਥ ਨੂੰ ਝੁਠਲਾਇਆ ਵੀ ਨਹੀਂ ਜਾ ਸਕਦਾ ਭਾਰਤ ਦੀ ਰਾਜਨੀਤੀ ਵਿੱਚ ਤਾਂ ਸੁਖਬੀਰ ਵਰਗੇ ਗੁੰਡੇ ,ਬਦਇਖਲਾਕੀ ਅਤੇ ਨਸ਼ਈ ਅਮੀਰਜ਼ਾਦਿਆਂ ਦੀ ਹੀ ਭਰਮਾਰ ਹੈ ।ਪਰ ਮੈਂ ਇੱਥੇ ਇਹ ਗੱਲ ਜ਼ਰੂਰ ਕਹਾਂਗਾ ਕਿ ਜੇਕਰ ਸੁਖਬੀਰ ਆਉਣ ਵਾਲੀਆਂ ਚੋਣਾਂ ਵਿੱਚ ਆਪਣੇ ਆਪ ਨੂੰ ਸਿੱਖ ਰਾਜਨੀਤੀ ਦਾ ਵੱਡਾ ਧੜਾ ਸਾਬਤ ਕਰਨ ਵਿੱਚ ਵੀ ਸਫਲ ਹੋ ਗਿਆ ਤਾਂ ਸਿੱਖ ਸਿਆਸਤ ਵਿੱਚ ਬਾਦਲਾਂ ਦਾ ਵਿਰੋਧ ਕਰਨ ਵਾਲੇ ਧੜਿਆਂ ਅਤੇ ਆਗੂਆਂ ਨੂੰ ਇਤਿਹਾਸ ਵਿੱਚ ਲਾਹਨਤਾਂ ਦਾ ਸਾਹਮਣਾ ਕਰਨਾ ਪਵੇਗਾ ।ਜੇਕਰ ਸੁਖਬੀਰ ਸਿੱਖ ਰਾਜਨੀਤੀ ਵਿੱਚ ਇੱਕ ਵੀ ਸਫਲਤਾ ਦਾ ਕਦਮ ਚੁੱਕਣ ਵਿੱਚ ਸਫਲ ਹੋਇਆ ਤਾਂ ਇਸ ਲਈ ਸੁਖਬੀਰ ਦੀ ਕਿਸੇ ਕਾਬਲੀਅਤ ਦੀ ਬਜਾਏ ਸਾਰੇ ਬਾਦਲ ਵਿਰੋਧੀ ਧੜਿਆਂ ਦੇ ਆਗੂਆਂ ਦੀ ਹਉਮੈ ,ਨਿੱਜਪ੍ਰਸਤੀ ਅਤੇ ਖ਼ੁਦਗ.ਰਜ਼ੀ ਜੁੰਮੇਵਾਰ ਹੋਵੇਗੀ ।





ਇੱਕ ਗੱਲ ਮੈਂ ਸੁਖਬੀਰ ਬਾਦਲ ਅਤੇ ਉਸਦੇ ਬੇਗੈਰਤ ਅਤੇ ਲਾਹਨਤੀ ਚਾਪਲੂਸਾਂ ਨੂੰ ਦੱਸਣੀ ਚਾਹੁੰਦਾ ਹਾਂ ਕਿ ਹੋ ਸਕਦਾ ਤੁਸੀ 2027 ਦੀਆਂ ਚੋਣਾਂ ਵਿੱਚ ਦੂਜੇ ਪੰਥਕ ਧੜਿਆਂ ਨਾਲੋ ਆਪਣੇ ਆਪ ਨੂੰ ਵੱਧ ਤਾਕਤਵਰ ਸਾਬਤ ਕਰਨ ਵਿੱਚ ਸਫਲ ਹੋ ਜਾਵੋ ,ਪਰ ਮੁੱਖ ਮੰਤਰੀ ਅਤੇ ਵਜ਼ੀਰੀਆਂ ਦੀ ਦਾਅਵੇਦਾਰੀ ਦੇ ਤੁਸੀ ਨੇੜੇ ਤੇੜੇ ਵੀ ਨਹੀ ਪੁੱਜ ਸਕੋਗੇ ।ਇੱਕ ਹੋਰ ਗੱਲ ਕਿ ਭਵਿੱਖ ਵਿੱਚ ਤੁਹਾਡੇ ਵਲੋ ਹਾਸਲ ਕੀਤੀ ਕੋਈ ਵੀ ਸਿਆਸੀ ਸਫਲਤਾ ਇਤਿਹਾਸ ਵਿੱਚ ਤੁਹਾਡੇ ਉੱਪਰ ਲੱਗਣ ਵਾਲੀ ਗਦਾਰਾਂ ਅਤੇ ਟੋਡੀਆਂ ਵਾਲੀ ਪਛਾਣ ਤੋਂ ਆਜ਼ਾਦ ਨਹੀ ਕਰਵਾ ਸਕੇਗੀ ।

### ਵਿਚਾਰ ਆਪੋ-ਆਪਣਾ

ਮੇਰੇ ਯਾਦ ਹੈ ਕਿ 1993 ਵਿੱਚ ਜਲੰਧਰ ਲੋਕ ਸਭਾ ਦੀ ਜ਼ਿਮਨੀ ਚੋਣ ਸੀ ।1992 ਦੀਆਂ ਚੋਣਾਂ ਦਾ ਬਾਈਕਾਟ ਕਰਨ ਵਾਲੇ ਸਾਰੇ ਧੜੇ ਸਮੇਤ ਮਾਨ ਅਤੇ ਬਾਦਲ ਦਲ ਕਮਰਕੱਸੇ ਕਰੀ ਬੈਠੇ ਸਨ ।ਬਾਦਲ ਨੇ ਜਲਦਬਾਜ਼ੀ ਦਿਖਾਉਂਦੇ ਹੋਏ ਆਪਣਾ ਉਮੀਦਵਾਰ ਕੁਲਦੀਪ ਸਿੰਘ ਵਡਾਲੇ ਨੂੰ ਐਲਾਨ ਦਿੱਤਾ ।ਪਹਿਲਾਂ ਅਸੀਂ ਸਾਂਝੇ ਪੰਥਕ ਉਮੀਦਵਾਰ ਦੀ ਗੱਲ ਚਲਾਈ ,ਪਰ ਬਾਦਲ ਅੜ ਗਿਆ ਕਿ ਵਡਾਲੇ ਨੂੰ ਹੀ ਸਾਂਝਾ ਉਮੀਦਵਾਰ ਮੰਨ ਲਵੋ ।ਦੂਜੇ ਪਾਸੇ ਮਾਨ ਆਪਣੀ ਪਾਰਟੀ ਦੇ ਉਮੀਦਵਾਰ ਦੀ ਜ਼ਿੱਦ ਧਾਰੀ ਬੈਠਾ ਸੀ ।ਅਸੀ ਜਾਣਦੇ ਸੀ ਕਿ ਜੇ ਮਾਨ ਦਲ ਅਤੇ ਬਾਦਲ ਦਲ ਆਹਮਣੇ-ਸਾਹਮਣੇ ਹੋਏ ਤਾਂ ਬਾਦਲ ਦਲ ਇਸ ਚੋਣ ਵਿੱਚ ਆਪਣੇ ਆਪ ਨੂੰ ਸਿੱਖਾਂ ਦੀ ਵੱਡੀ ਧਿਰ ਸਾਬਤ ਕਰ ਜਾਵੇਗਾ ,ਇਹੋ ਬਾਦਲ ਦੀ ਮਨਸ਼ਾ ਸੀ ਅਤੇ ਉਹ ਵੀ ਜਾਣਦਾ ਸੀ ਕਿ ਜਿੱਤ ਤਾਂ ਸੰਭਵ ਨਹੀਂ ।ਅਸੀ ਕੁੱਝ ਦੋਸਤ ਰਲ ਕੇ ਇਹ ਸਥਿਤੀ ਟਾਲਣਾ ਚਾਹੁੰਦੇ ਸੀ ।

ਅਸੀ ਇਸ ਸਬੰਧੀ ਸਵ.ਕਾਸ਼ੀ ਰਾਮ ਨਾਲ ਗੱਲ ਕੀਤੀ ,ਉਹ ਸਾਡੀ ਮਦਦ ਲਈ ਰਜ਼ਾਮੰਦ ਹੋ ਗਏ ,ਪਰ ਉਹਨਾਂ ਦੱਸਿਆ ਕਿ ਜਲੰਧਰ ਵਿੱਚ ਸਾਡੀ ਦੋ ਲੱਖ ਤੋਂ ਜ਼ਿਆਦਾ ਵੋਟ ਹੈ ,ਪਰ ਪੰਥਕ ਉਮੀਦਵਾਰ ਦੇ ਹੱਕ ਵਿੱਚ ਨਹੀਂ ਭੁਗਤਾਈ ਜਾ ਸਕਦੀ ।ਪਰ ਉਹਨਾਂ ਸੁਝਾਅ ਦਿੱਤਾ ਕਿ ਜੇ ਆਪਾਂ ਕਿਸੇ ਪੰਥਕ ਸ਼ਖਸੀਅਤ ਨੂੰ ਬਸਪਾ ਦਾ ਉਮੀਦਵਾਰ ਬਣਾ ਦਈਏ ਤਾਂ ਗੱਲ ਬਣ ਸਕਦੀ ਹੈ ,ਜੇਕਰ ਨਾ ਵੀ ਜਿੱਤੇ ਬਾਦਲ ਦੇ ਉਮੀਦਵਾਰ ਨੂੰ ਜ਼ਰੂਰ ਪਛਾੜ ਦੇਵਾਗੇ ।ਅਸੀ ਮੰਨ ਗਏ ,ਜਸਟਿਸ ਅਜੀਤ ਸਿੰਘ ਬੈਂਸ ਦੇ ਨਾਮ ਦੀ ਸਹਿਮਤੀ ਹੋ ਗਈ ।ਜਸਟਿਸ ਬੈਂਸ ਸਮੇਤ ਅਸੀ ਜਲੰਧਰ ਆ ਕੇ ਤਿਆਰੀਆਂ ਵਿੱਚ ਜੁੱਟ ਗਏ ।ਮਨੁੱਖੀ ਅਧਿਕਾਰਾਂ ਦੇ ਖੇਤਰ ਵਿੱਚ ਮੇਰੇ ਕਰੀਬੀ ਸ਼ਹੀਦ ਜਸਵੰਤ ਸਿੰਘ ਖਾਲੜਾ ਜੋ ਉਸ ਵਕਤ ਮਾਨ ਦਲ ਦਾ ਹਿੱਸਾ ਸਨ ,ਸਾਡੇ ਉਮੀਦਵਾਰ ਨੂੰ ਅੱਜ ਦੀ ਆਵਾਜ਼ ਅਖਬਾਰ ਦੇ ਦਫ਼ਤਰ ਵਿੱਚੋਂ ਸਕੂਟਰ ਉੱਤੇ ਬੈਠਾ ਕਿ 'ਅਗਵਾ' ਕਰਕੇ ਲੈ ਗਏ ।ਉਹਨਾਂ ਜਸਟਿਸ ਬੈਂਸ ਨੂੰ ਮਾਨ ਦਲ ਦੇ ਉਮੀਦਵਾਰ ਵਜੋਂ ਨਾਮਜ਼ਦਗੀ ਦਾਖਲ ਕਰਾਉਣ ਤੋਂ ਬਾਅਦ ਸਾਡੇ ਮੱਥੇ ਲੱਗਣ ਦਿੱਤਾ ।ਮਾਨ ਸਾਹਿਬ ਅਤੇ ਜਸਟਿਸ ਬੈਂਸ ਦੇ ਇਸ ਨਾਦਾਨੀ ਵਾਲੇ ਫੈਸਲੇ ਕਰਕੇ ਬਾਦਲ ਦਲ ਜਲੰਧਰ ਚੋਣ ਵਿੱਚ ਦੂਜੇ ਨੰਬਰ ਉੱਪਰ ਰਿਹਾ ਅਤੇ ਜਸਟਿਸ ਬੈਂਸ ਨੂੰ 18000 ਵੋਟਾਂ ਨਾਲ ਨਾਮੋਸ਼ੀ ਭਰੀ ਹਾਰ ਹੋਈ ।ਉਸ ਤੋਂ ਬਾਅਦ ਬਾਦਲ ਦਲ ਦੀ ਜੇਤੂ ਮੁਹਿੰਮ ਰੋਕੀ ਨਹੀ ਜਾ ਸਕੀ ।ਮੈਂ ਅਜਿਹੀਆਂ ਹੱਡ-ਬੀਤੀਆਂ ਦੀਆਂ ਕਈ ਮਿਸਾਲਾਂ ਦੇ ਸਕਦਾ ਹਾਂ ਜੋ ਸਾਬਤ ਕਰਨਗੀਆਂ ਕਿ ਬਾਦਲ ਆਪਣੀ ਕਿਸੇ ਸੂਝ ਬੂਝ ਸਦਕਾ ਨਹੀ ਸਗੋ ਦੂਜੇ ਆਗੂਆਂ ਦੀਆਂ ਸਿਆਸੀ ਮੂਰਖਤਾਈਆਂ ਕਰਕੇ ਸਫਲ ਹੋਏ ਹਨ ।

ਏਸੇ ਚੋਣ ਦੌਰਾਨ ਬਾਦਲਾਂ ਦੇ ਸੰਦਰਬ ਵਿੱਚ ਇੱਕ ਗੱਲ ਹੋਰ ਸਾਂਝੀ ਕਰਨੀ ਚਾਹੁੰਦਾ ਹਾਂ ।ਜਦੋ ਅਸੀ ਸਾਂਝੇ ਪੰਥਕ ਉਮੀਦਵਾਰ ਲਈ ਵੱਖ-ਵੱਖ ਆਗੂਆਂ ਨਾਲ ਮੀਟਿੰਗਾਂ ਕਰ ਰਹੇ ਸੀ ਤਾਂ ਸਾਡੀ ਇੱਕ ਮੀਟਿੰਗ ਜਲੰਧਰ ਬੱਸ ਸਟੈਂਡ ਨੇੜੇ ਇੰਟਰਨੈਸ਼ਨਲ ਹੋਟਲ ਵਿੱਚ ਪ੍ਰਕਾਸ਼ ਸਿੰਘ ਬਾਦਲ ਨਾਲ ਹੋਈ ।ਘੰਟਾ ਭਰ ਦੀ ਸਿਰ ਖਪਾਈ ਤੋ ਬਾਅਦ ਅਸੀ ਬਾਦਲ ਦੇ ਸਿਆਸੀ ਕਪਟ ਅਤੇ ਮੀਸਣੇਪਣ ਤੋਂ ਅੱਕ ਕੇ ਉੱਠਣ ਲੱਗੇ ਤਾਂ ਮੈ ਬਾਦਲ ਨੂੰ ਸੰਬੋਧਨ ਹੋ ਕੇ ਕਿਹਾ ਕਿ ਮੈਂ ਤੁਹਾਡੇ ਨਾਲ ਅੱਜ ਦੇ ਵਿਸ਼ੇ ਤੋ ਹੱਟਵੀ ਤੁਹਾਡੇ ਭਵਿੱਖ ਨਾਲ ਜੁੜੀ ਗੱਲ ਕਹਿਣੀ ਚਾਹੁੰਦਾ ਹਾਂ ।ਇਸ ਮੌਕੇ ਮੈਂ ਬਾਦਲ ਨੂੰ ਆਖਿਆ ਕਿ ਤੁਹਾਡੇ ਤੋਰ-ਤਰੀਕੇ ਦੇਖ ਕੇ ਮੈਨੂੰ ਲੱਗਦਾ ਹੈ ਕਿ ਤੁਸੀਂ ਦੋ-ਚਾਰ ਵਾਰ ਪੰਜਾਬ ਦੇ ਹੋਰ ਮੁੱਖ ਮੰਤਰੀ ਬਣ ਜਾਵੋਗੇ ।ਮੇਰੀ ਇਹ ਗੱਲ ਸੁਣ ਕੇ ਬਾਦਲ ਦੇ ਚਿਹਰੇ ਉੱਪਰ ਲਾਲੀ ਆ ਗਈ ,ਪਰ ਮੇਰੀ ਅਗਲੀ ਗੱਲ ਸੁਣ ਕੇ ਬਾਦਲ ਮੁਰਝਾ ਗਿਆ,ਜਦੋ ਮੈਂ ਇਹ ਕਿਹਾ ਕਿ ਬਾਦਲ ਸਾਹਿਬ ਸਭ ਸਿਆਸੀ ਸਫਲਤਾਵਾਂ ਦੇ ਬਾਵਜੂਦ ਤੁਸੀ ਇਤਿਹਾਸ ਵਿੱਚ ਸਿੱਖਾਂ ਦੇ ਗ.ੱਦਾਰ ਵਜੋ ਜਾਣੇ ਜਾਣ ਵਾਲੇ ਫ਼ਤਵੇ ਤੋਂ ਨਹੀ ਬਚ ਸਕੋਗੇ ।ਇਹ ਗੱਲਬਾਤ ਲੰਬੀ ਸੀ ,ਜੋ ਸ਼ਾਇਦ ਮੇਰੀ ਕਿਸੇ ਇਤਹਾਸ ਦੀ ਕਿਤਾਬ ਦਾ ਹਿੱਸਾ ਬਣੇ ।ਇਹੋ ਗੱਲ ਮੈਂ ਸੁਖਬੀਰ ਅਤੇ ਉਸਦੇ ਖੁਸ਼ਾਮਦੀਆਂ ਨੂੰ ਚਿਤਾਰਨੀ ਚਾਹੁੰਦਾ ਕੋਈ ਵੀ ਸਿਆਸੀ ਸਫਲਤਾ ਇਤਿਹਾਸ ਵਿੱਚ ਤੁਹਾਨੂੰ ਡੋਗਰਿਆਂ ਵਰਗੀ ਲਾਹਣਤ ਤੋ ਨਹੀ ਬਚਾ ਸਕੇਗੀ ।

**-ਅਮਰੀਕ ਸਿੰਘ ਮੁਕਤਸਰ**

## ਸ਼ਹੀਦੀ ਦਿਹਾੜਿਆਂ ਮੌਕੇ ਪੰਜਾਬ 'ਚ ਠੇਕੇ ਹੋਣੇ ਚਾਹੀਦੇ ਬੰਦ; ਜਥੇਦਾਰ ਕੁਲਦੀਪ ਸਿੰਘ ਗੜਗੱਜ



**ਅੰਮ੍ਰਿਤਸਰ, 27 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸ਼ਹੀਦੀ ਸਭਾ ਦੇ ਅਖੀਰਲੇ ਦਿਨ ਸਜਾਏ ਗਏ ਨਗਰ ਕੀਰਤਨ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਦੌਰਾਨ ਉਨ੍ਹਾਂ ਨੇ ਸ਼ਹੀਦੀ ਸਮਾਗਮ ਨੂੰ ਲੈ ਕੇ ਵੱਡਾ ਬਿਆਨ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਸ਼ਹੀਦੀ ਦਿਹਾੜਿਆਂ ਮੌਕੇ ਪੰਜਾਬ ਭਰ 'ਚ ਸ਼ਰਾਬ ਦੇ ਠੇਕੇ ਬੰਦ ਹੋਣੇ ਚਾਹੀਦੇ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਸ਼ਹੀਦੀ ਦਿਹਾੜਿਆਂ ਮੌਕੇ ਪੰਜਾਬ ਸਰਕਾਰ ਵੱਲੋਂ ਪੂਰੇ ਸੂਬੇ ਦੇ ਠੇਕੇ ਬੰਦ ਕਰਕੇ 'ਡ੍ਰਾਈ ਡੇਅ' ਐਲਾਨ ਕੀਤਾ ਜਾਣਾ ਚਾਹੀਦਾ ਹੈ। ਇਸ ਤੋਂ ਇਲਾਵਾ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜਿਆਂ 'ਚ ਸ਼ਰਾਬ ਦੇ ਠੇਕੇ ਮੁਕੰਮਲ ਤੌਰ 'ਤੇ ਬੰਦ ਹੋਣੇ ਚਾਹੀਦੇ ਹਨ।

ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਹਰਿਆਣਾ ਸਰਕਾਰ ਵੱਲੋਂ

# ਵਿਸ਼ੇਸ਼ ਸਮਾਗਮ ਸਿਰਸਾ ਵਿਖੇ ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਜੀ ਅਤੇ ਸਾਹਿਬਜ਼ਾਦਿਆਂ ਦੀ ਕੁਰਬਾਨੀ ਦੇ ਇਤਿਹਾਸ ਉੱਪਰ ਵਿਸ਼ੇਸ਼ ਚਾਨਣਾ ਪਾਇਆ













ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਹਰਿਆਣਾ ਸਰਕਾਰ ਵੱਲੋਂ ਵਿਸ਼ੇਸ਼ ਸਮਾਗਮ ਸਿਰਸਾ ਦੀ ਸੀਡੀਐਲ ਯੂਨੀਵਰਸਿਟੀ ਵਿੱਚ ਕੀਤਾ ਗਿਆ ਇਸ ਸਮੇਂ ਸ੍ਰੀ ਨਾਇਬ ਸਿੰਘ ਸੈਣੀ ਮੁੱਖ ਮੰਤਰੀ ਹਰਿਆਣਾ ਨੇ ਸੰਬੋਧਨ ਕੀਤਾ ਅਤੇ ਸਾਹਿਬਜ਼ਾਦਿਆਂ ਨੂੰ ਨਤਮਸਤਕ ਹੋਣਾ ਕੀਤਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਜੀ ਅਤੇ ਸਾਹਿਬਜ਼ਾਦਿਆਂ ਦੀ ਕੁਰਬਾਨੀ ਦੇ ਇਤਿਹਾਸ ਉੱਪਰ ਵਿਸ਼ੇਸ਼ ਚਾਨਣਾ ਪਾਇਆ ਇਸ ਸਮੇਂ ਵੱਡੀ ਗਿਣਤੀ ਵਿੱਚ ਧਾਰਮਿਕ ਰਾਜਨੀਤਿਕ ਸਮਾਜਿਕ ਆਗੂ ਸਾਹਿਬਾਨ ਅਤੇ ਇਲਾਕੇ ਚੋਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਇੰਦਰਧਨੁਸ਼ ਅਡਟੋਰੀਅਮ ਪੰਚਕੂਲਾ ਵਿਖੇ ਆਯੋਜਿਤ ਸਮਾਗਮ ਨੂੰ

# ਗ੍ਰਹਿ ਮੰਤਰੀ ਅਮਿਤ ਸ਼ਾਹ, ਮੁੱਖ ਮੰਤਰੀ ਹਰਿਆਣਾ ਨਾਇਬ ਸਿੰਘ ਸੈਣੀ ਨੇ ਸੰਬੋਧਨ ਕੀਤਾ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਵੱਡੀ ਗਿਣਤੀ ਵਿੱਚ ਧਾਰਮਿਕ ਰਾਜਨੀਤਿਕ ਸਮਾਜਿਕ ਆਗੂਆਂ ਅਤੇ ਸਿੱਖ ਸੰਗਤਾਂ ਨੇ ਸ਼ਿਰਕਤ ਕੀਤੀ
















ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਇੰਦਰਧਨੁਸ਼ ਅਡਟੋਰੀਅਮ ਪੰਚਕੂਲਾ ਵਿਖੇ 24 ਦਸੰਬਰ ਨੂੰ ਕੀਤਾ ਗਿਆ ਸਮਾਗਮ ਨੂੰ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ,ਮੁੱਖ ਮੰਤਰੀ ਹਰਿਆਣਾ ਸ੍ਰੀ ਨਾਇਬ ਸਿੰਘ ਸੈਣੀ ਨੇ ਸੰਬੋਧਨ ਕੀਤਾ ਤੇ ਕਿਹਾ ਕੇ ਭਾਰਤ ਦੇਸ਼ ਅੱਜ ਗੁਰੂ ਸਾਹਿਬ ਦੀਆਂ ਕੁਰਬਾਨੀਆਂ ਦੇ ਕਰਕੇ ਹੈ ਨਹੀਂ ਤਾਂ ਇਹ ਦੇਸ਼ ਸਮਾਪਤ ਹੋ ਚੁੱਕਾ ਹੁੰਦਾ ਇਸ ਸਮੇਂ ਮੰਚ ਤੇ ਸੁਭਾਇਮਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਵੱਡੀ ਗਿਣਤੀ ਵਿੱਚ ਧਾਰਮਿਕ ਰਾਜਨੀਤਿਕ ਸਮਾਜਿਕ ਆਗੂਆਂ ਅਤੇ ਸਿੱਖ ਸੰਗਤਾਂ ਨੇ ਸ਼ਿਰਕਤ ਕੀਤੀ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




**ਅਮਰ ਸ਼ਹੀਦ ਧੰਨ ਧੰਨ ਬਾਬਾ ਜੋਰਾਵਰ ਜੀ,ਅਮਰ ਸ਼ਹੀਦ ਧੰਨ ਧੰਨ ਬਾਬਾ ਫਤਹਿ ਸਿੰਘ ਜੀ ਅਤੇ ਧੰਨ ਧੰਨ ਮਾਤਾ ਗੁਜਰ ਕੌਰ ਜੀ ਲਾਸਾਨੀ ਸ਼ਹਾਦਤ ਨੂੰ ਨਗਰ ਕੀਰਤਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਜੀ ਤੋਂ ਆਰੰਭ ਹੋ ਕੇ ਪਾਵਨ ਪਵਿੱਤਰ ਅਸਥਾਨ ਗੁਰਦੁਆਰਾ ਜੋਤੀ ਸਰੂਪ ਸਾਹਿਬ ਜੀ ਵਿਖੇ ਸਮਾਪਤੇ ਹੋਇਆ ਇਸ ਮਹਾਨ ਨਗਰ ਕੀਰਤਨ ਵਿੱਚ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਭਰਦੇ ਹੋਏ, ਨਾਲ ਜਥੇਬੰਦੀ ਦੇ ਸਿੰਘ।**